ਚੜ੍ਹਦੀਕਲਾ ਪੜ੍ਹੋ
ਚੜ੍ਹਦੀਕਲਾ 'ਚ ਰਹੋ
ਵੱਖ-ਵੱਖ ਵਿਸ਼ਿਆਂ ਅਤੇ ਚਾਲੂ ਮਾਮਲਿਆਂ ਬਾਰੇ ਜਾਣਕਾਰੀ ਭਰਪੂਰ ਸੰਪਾਦਕੀ ਲੇਖ, ਫੀਚਰ ਅਤੇ ਪੜ੍ਹਨਯੋਗ ਸਮੱਗਰੀ ਲਈ
ਆਪਣੇ ਅਖਬਾਰ ਏਜੰਟ ਤੋਂ ਚੜ੍ਹਦੀਕਲਾ ਦੀ ਮੰਗ ਕਰੋ

ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬੱਤ ਦਾ ਭਲਾ

# ਚੜ੍ਹਦੀਕਲਾ

ਮੁੱਖ ਸੰਪਾਦਕ : ਡਾ. ਜਗਜੀਤ ਸਿੰਘ 'ਦਰਦੀ' DAILY CHARHDIKALA, CHANDIGARH ਬਾਨੀ : (ਸਵ:) ਗਿ: ਹਰਨਾਮ ਸਿੰਘ ਜੀ
ਸੰਪਾਦਕ : ਦਮਨਦੀਪ ਸਿੰਘ

(Monday,13 April, 2026) ਚੰਡੀਗੜ੍ਹ, ਸੋਮਵਾਰ, 13 ਅਪ੍ਰੈਲ, 2026, 31 ਚੇਤ ਨਾਨਕਸ਼ਾਹੀ ਸੰਮਤ 558, ਬਿਕ੍ਰਮੀ 2083

PRGI (RNI) Regd. No. CHPUN/25/A1790 ਸਾਲ (Year) 2 ਅੰਕ ਨੰਬਰ (Volume No.) 101 ਮੁੱਲ : 2.00 ਰੁਪਏ ਫ਼ੋਨ: +91-92168-07500 E-mail: news@charhdikala.com

ਚੜ੍ਹਦੀਕਲਾ
ਦੇ ਪੱਤਰਕਾਰਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਕੋਈ ਵੀ ਪ੍ਰੈੱਸ ਨੋਟ, ਖ਼ਬਰ ਜਾਂ ਇਸ਼ਤਿਹਾਰ
news@charhdikala.com
ਉੱਤੇ ਹੀ ਭੇਜਿਆ ਜਾਵੇ ਜੀ

## ਪੰਜਾਬ ਦੀਆਂ ਧੀਆਂ ਨੇ 'ਸਿੱਖਿਆ ਕ੍ਰਾਂਤੀ' ਵਿੱਚ ਮੋਹਰੀ ਭੂਮਿਕਾ ਨਿਭਾਈ, ਪੰਜਾਬ ਸਕੂਲ ਸਿੱਖਿਆ ਬੋਰਡ ਦੇ ਅੱਠਵੀਂ ਜਮਾਤ ਦੇ ਨਤੀਜਿਆਂ ਵਿੱਚ ਪਹਿਲੇ 20 ਵਿੱਚੋਂ 19 ਸਥਾਨ ਪ੍ਰਾਪਤ ਕੀਤੇ : ਭਗਵੰਤ ਸਿੰਘ ਮਾਨ



ਚੰਡੀਗੜ੍ਹ, 12 ਅਪ੍ਰੈਲ: (ਚ.ਨ.ਸ.) : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਕਿ ਪੰਜਾਬ ਦੀ 'ਸਿੱਖਿਆ ਕ੍ਰਾਂਤੀ ਜ਼ਮੀਨੀ ਪੱਧਰ 'ਤੇ ਨਤੀਜੇ ਦੇ ਰਹੀ ਹੈ ਅਤੇ ਆਮ ਪਰਿਵਾਰਾਂ ਦੀਆਂ ਧੀਆਂ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਦੀ ਅੱਠਵੀਂ ਜਮਾਤ ਦੀ ਮੈਰਿਟ ਸੂਚੀ ਵਿੱਚ ਪਹਿਲੇ 20 ਵਿੱਚੋਂ 19 ਸਥਾਨ ਪ੍ਰਾਪਤ ਕਰ ਕੇ ਦਬਦਬਾ ਬਣਾਇਆ ਹੈ। ਚੰਡੀਗੜ੍ਹ ਵਿਖੇ ਆਪਣੇ ਗ੍ਰਹਿ ਸਥਾਨ 'ਤੇ ਮੋਹਰੀ ਵਿਦਿਆਰਥੀਆਂ ਦਾ ਸਨਮਾਨ ਕਰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਲਾਨ ਕੀਤਾ ਕਿ ਅੱਵਲ ਰਹੇ 20 ਵਿਦਿਆਰਥੀਆਂ ਨੂੰ ਬਿਨਾਂ ਕਿਸੇ ਦਾਖਲਾ ਪ੍ਰੀਖਿਆ ਦੇ ਸਕੂਲ ਆਫ ਐਮੀਨੈਂਸ ਵਿੱਚ ਸਿੱਧਾ ਦਾਖਲਾ ਦਿੱਤਾ ਜਾਵੇਗਾ, ਜਿਸ ਨਾਲ ਮਿਆਰੀ ਸਿੱਖਿਆ ਤੱਕ ਪਹੁੰਚ ਵਧਾਉਣ ਦੀ ਪੰਜਾਬ ਸਰਕਾਰ ਦੀ ਵਚਨਬੱਧਤਾ ਦੀ ਪੁਸ਼ਟੀ ਹੁੰਦੀ ਹੈ।

ਮੁੱਖ ਮੰਤਰੀ ਨੇ ਪਹਿਲੇ ਤਿੰਨ ਸਥਾਨ ਪ੍ਰਾਪਤ ਕਰਨ ਵਾਲਿਆਂ ਨੂੰ 50-50 ਹਜਾਰ ਰੁਪਏ ਦੇ ਨਕਦ ਇਨਾਮ ਨਾਲ ਸਨਮਾਨਿਤ ਕੀਤਾ ਅਤੇ ਵਿਦਿਆਰਥੀਆਂ ਨੂੰ ਜ਼ਮੀਨ ਨਾਲ ਜੁੜੇ ਰਹਿਣ, ਸਖਤ ਮਿਹਨਤ ਕਰਨ ਅਤੇ ਸਹੀ ਰੋਲ ਮਾਡਲ ਚੁਣਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਦੇ ਬਦਲੇ ਹੋਏ ਸਰਕਾਰੀ ਸਕੂਲ ਹੁਣ ਸਿੱਖਿਆ ਵਿੱਚ ਕੌਮੀ ਮਾਪਦੰਡ ਵਜੋਂ ਉੱਭਰ ਰਹੇ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਵਿਦਿਆਰਥੀਆਂ ਦੁਆਰਾ ਦਿਖਾਇਆ ਗਿਆ ਵਿਸ਼ਵਾਸ, ਅਨੁਸ਼ਾਸਨ ਅਤੇ ਦ੍ਰਿੜ੍ਹਤਾ ਸਿੱਖਿਆ ਵਿੱਚ ਨਿਰੰਤਰ ਨਿਵੇਸ਼ ਦੇ ਪ੍ਰਭਾਵ ਨੂੰ ਦਰਸਾਉਂਦੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਆਧੁਨਿਕ ਸਕੂਲਾਂ, ਗੁਣਵੱਤਾਪੂਰਨ ਸਿੱਖਿਆ ਅਤੇ ਸਹੀ ਮਾਹੌਲ ਰਾਹੀਂ ਹਰੇਕ ਬੱਚੇ ਦੀਆਂ ਇੱਛਾਵਾਂ ਨੂੰ ਉਡਾਣ ਦੇਣ ਲਈ ਵਚਨਬੱਧ ਹੈ। ਵਿਦਿਆਰਥੀਆਂ ਨਾਲ ਗੱਲਬਾਤ ਦੇ ਕੁਝ ਅੰਸ਼ ਸਾਂਝੇ ਕਰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਕਸ 'ਤੇ ਲਿਖਿਆ, "ਪੰਜਾਬ ਸਕੂਲ ਸਿੱਖਿਆ ਬੋਰਡ ਦੇ ਅੱਠਵੀਂ ਜਮਾਤ ਦੇ ਨਤੀਜਿਆਂ ਵਿੱਚ ਪੂਰੇ ਸੂਬੇ ਵਿੱਚੋਂ ਅੱਵਲ ਰਹੇ ਹੋਣਹਾਰ ਵਿਦਿਆਰਥੀਆਂ ਨੂੰ ਅੱਜ ਚੰਡੀਗੜ੍ਹ ਵਿੱਚ ਸਨਮਾਨਿਤ ਕੀਤਾ ਗਿਆ। ਇਸ ਖਾਸ ਮੌਕੇ 'ਤੇ ਉਨ੍ਹਾਂ ਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਵੀ ਤਹਿ-ਦਿਲੋਂ ਵਧਾਈਆਂ ਦਿੱਤੀਆਂ ਗਈਆਂ।"ਮੁੱਖ ਮੰਤਰੀ ਨੇ ਕਿਹਾ, "ਇਸ ਸਾਲ ਦੇ ਨਤੀਜਿਆਂ ਵਿੱਚ ਪਹਿਲਾ ਸਥਾਨ ਇੱਟਾਂ ਦੇ ਭੱਠੇ 'ਤੇ ਕੰਮ ਕਰਨ ਵਾਲੇ ਮੁਨੀਮ ਦੀ ਹੋਣਹਾਰ ਧੀ ਨੇ ਪ੍ਰਾਪਤ ਕੀਤਾ ਹੈ, ਜਦੋਂ ਕਿ ਦੂਜਾ ਅਤੇ ਤੀਜਾ ਸਥਾਨ ਕ੍ਰਮਵਾਰ ਟਾਈਲਾਂ ਦੀ ਦੁਕਾਨ ਦੇ ਮਾਲਕ ਅਤੇ ਇੱਕ ਸਰਕਾਰੀ ਪ੍ਰਾਇਮਰੀ ਸਕੂਲ ਦੇ ਅਧਿਆਪਕ ਦੀਆਂ ਧੀਆਂ ਨੇ ਪ੍ਰਾਪਤ ਕੀਤਾ ਹੈ। ਇਹ ਨਤੀਜੇ ਸਪੱਸ਼ਟ ਤੌਰ 'ਤੇ ਦਰਸਾਉਂਦੇ ਹਨ ਕਿ ਆਮ ਪਰਿਵਾਰਾਂ ਦੇ ਬੱਚੇ ਹੁਣ ਸਿੱਖਿਆ ਦੇ ਖੇਤਰ ਵਿੱਚ ਨਵੇਂ ਮਾਪਦੰਡ ਸਥਾਪਤ ਕਰ ਰਹੇ ਹਨ। ਇਨ੍ਹਾਂ ਬੱਚਿਆਂ ਦੇ ਆਤਮ-ਵਿਸ਼ਵਾਸ, ਸਖਤ ਮਿਹਨਤ ਅਤੇ ਸਮਰਪਣ ਨੂੰ ਦੇਖ ਕੇ ਸਾਨੂੰ ਬਹੁਤ ਖੁਸ਼ੀ ਅਤੇ ਮਾਣ ਮਹਿਸੂਸ ਹੋਇਆ।"ਪੋਸਟ ਦੇ ਅੰਤ ਵਿੱਚ ਕਿਹਾ ਗਿਆ ਹੈ "ਸਾਡੀ ਸਰਕਾਰ ਬੱਚਿਆਂ ਦੇ ਸੁਪਨਿਆਂ ਨੂੰ ਉਡਾਣ ਦੇਣ ਅਤੇ ਉਨ੍ਹਾਂ ਨੂੰ ਜ਼ਿੰਦਗੀ ਵਿੱਚ ਸਫਲਤਾ ਦੀਆਂ ਉਚਾਈਆਂ ਤੱਕ ਪਹੁੰਚਣ ਵਿੱਚ ਮਦਦ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਅਸੀਂ ਗੁਣਵੱਤਾ ਭਰਪੂਰ ਸਿੱਖਿਆ, ਆਧੁਨਿਕ ਸਕੂਲ ਅਤੇ ਪ੍ਰੇਰਨਾਦਾਇਕ ਵਾਤਾਵਰਨ ਪ੍ਰਦਾਨ ਕਰਨ ਲਈ ਨਿਰੰਤਰ ਯਤਨਸ਼ੀਲ ਹਾਂ।"ਅੱਵਲ ਰਹੇ ਵਿਦਿਆਰਥੀਆਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਪਹਿਲੀ ਵਾਰ ਕੁੜੀਆਂ ਨੇ ਚੋਟੀ ਦੇ 20 ਵਿੱਚੋਂ 19 ਸਥਾਨ ਪ੍ਰਾਪਤ ਕਰ ਕੇ ਮੈਰਿਟ ਸੂਚੀ ਵਿੱਚ ਦਬਦਬਾ ਬਣਾਇਆ ਹੈ, ਇਹ ਉਨ੍ਹਾਂ ਦੇ ਦ੍ਰਿੜ੍ਹ ਇਰਾਦੇ ਦਾ ਸ਼ਕਤੀਸ਼ਾਲੀ ਪ੍ਰਮਾਣ ਕਿਹਾ। ਉਨ੍ਹਾਂ ਨੇ ਇਸ ਸ਼ਾਨਦਾਰ ਪ੍ਰਾਪਤੀ 'ਤੇਜ਼ੋਰ ਦਿੰਦੇ ਹੋਏ ਕਿਹਾ, "ਇਨ੍ਹਾਂ ਵਿਦਿਆਰਥੀਆਂ ਨੂੰ ਬਿਨਾਂ ਕਿਸੇ ਪ੍ਰਵੇਸ਼ ਪ੍ਰੀਖਿਆ ਦੇ ਸਕੂਲ ਆਫ ਐਮੀਨੈਂਸ ਵਿੱਚ ਨੌਵੀਂ ਜਮਾਤ ਵਿੱਚ ਦਾਖਲਾ ਦਿੱਤਾ ਜਾਵੇਗਾ। ਪਹਿਲੀ ਵਾਰ ਕੁੜੀਆਂ ਨੇ ਪਹਿਲੇ 20 ਵਿੱਚੋਂ 19 ਸਥਾਨ ਪ੍ਰਾਪਤ ਕੀਤੇ ਹਨ, ਜਿਸ ਵਿੱਚ ਸਿਰਫ ਇੱਕ ਲੜਕਾ 20ਵੇਂ ਰੈਂਕ 'ਤੇ ਹੈ। ਪਹਿਲੀਆਂ ਸਾਰੀਆਂ 19 ਪੁਜ਼ੀਸ਼ਨਾਂ ਪ੍ਰਾਪਤ ਕਰ ਕੇ ਕੁੜੀਆਂ ਨੇ ਇੱਕ ਵਾਰ ਫਿਰ ਸਾਬਤ ਕਰ ਦਿੱਤਾ ਹੈ ਕਿ ਉਹ ਕਿਸੇ ਵੀ ਖੇਤਰ ਵਿੱਚ ਪਿੱਛੇ ਨਹੀਂ ਹਨ।"



ਚੜ੍ਹਦੀਕਲਾ ਟਾਈਮ ਟੀ. ਵੀ. ਦੇ ਚੇਅਰਮੈਨ ਪਦਮਸ੍ਰੀ ਡਾਕਟਰ ਸਰਦਾਰ ਜਗਜੀਤ ਸਿੰਘ ਦਰਦੀ ਜੀ ਦੇ ਆਸ਼ੀਰਵਾਦ ਦੇ ਨਾਲ ਅਸੀਂ ਦੋਵੇਂ ਭਰਾ ਹਰਪ੍ਰੀਤ ਸਿੰਘ ਦਰਦੀ ਤੇ ਮੈਂ ਅੰਮ੍ਰਿਤਪਾਲ ਸਿੰਘ ਹਰਿਆਣਾ ਦੇ ਮਾਨਯੋਗ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨਾਲ ਅੱਜ ਸਵੇਰੇ ਪ੍ਰੀਤੀ ਭੋਜਨ ਦੇ ਮੌਕੇ ਖੁਸ਼ਨੁਮਾ ਮਾਹੌਲ ਦੇ ਵਿੱਚ ਮੁਲਾਕਾਤ ਕੀਤੀ। ਇਸ ਮੌਕੇ ਜਿੱਥੇ ਪੰਜਾਬ-ਹਰਿਆਣਾ ਦੇ ਰਾਜਸੀ ਵਿਸ਼ਿਆਂ 'ਤੇ ਗੱਲਬਾਤ ਹੋਈ, ਉਥੇ ਸਤਿਗੁਰੂ ਜੀ ਦੀ ਬਖਸ਼ਿਸ਼ ਦੇ ਨਾਲ ਅਸੀਂ ਦੋਹਾਂ ਭਰਾਵਾਂ ਨੇ ਸਿੱਖਾਂ ਦੇ ਅਹਿਮ ਮਸਲਿਆਂ ਨੂੰ ਹੱਲ ਕਰਨ ਲਈ ਅਤੇ ਮਾਂ ਬੋਲੀ ਪੰਜਾਬੀ ਨੂੰ ਬਣਦਾ ਮਾਣ ਦੇਣ ਲਈ ਵੀ ਪੁਰਜ਼ੋਰ ਮੰਗ ਕੀਤੀ। (ਫੋਟੋ ਤੇ ਵੇਰਵਾ : ਚੜ੍ਹਦੀਕਲਾ)

## ਵਰਿੰਦਾਵਨ ਕਿਸ਼ਤੀ ਹਾਦਸਾ : ਸੰਜੀਵ ਅਰੋੜਾ ਵੱਲੋਂ ਦੁਖੀ ਪਰਿਵਾਰਾਂ ਨਾਲ ਦੁੱਖ ਸਾਂਝਾ ਕੀਤਾ



ਚੰਡੀਗੜ੍ਹ, 12 ਅਪ੍ਰੈਲ : (ਚ.ਨ.ਸ.) : ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਵਿਧਾਇਕ ਕੁਲਵੰਤ ਸਿੰਘ ਸਿੱਧੂ ਨਾਲ ਅੱਜ ਲੁਧਿਆਣਾ ਵਿੱਚ ਵਾਪਰੇ ਦੁਖਦਾਈ ਵਰਿੰਦਾਵਨ ਕਿਸ਼ਤੀ ਹਾਦਸੇ ਦੇ ਪੀੜਤਾਂ ਦੇ ਪਰਿਵਾਰਾਂ ਨਾਲ ਮੁਲਾਕਾਤ ਕੀਤੀ। ਅਰੋੜਾ ਨੇ ਹਾਦਸੇ ਵਿੱਚ ਜਾਨ ਗੁਆਉਣ ਵਾਲੇ ਰਾਕੇਸ਼ ਗੁਲਾਟੀ ਅਤੇ ਉਨ੍ਹਾਂ ਦੀ ਪਤਨੀ ਅੰਜੂ ਗੁਲਾਟੀ ਦੇ ਘਰ ਅਤੇ ਮੀਨੂੰ ਬਾਂਸਲ ਤੇ ਉਨ੍ਹਾਂ ਦੀ ਧੀ ਡਿੰਕੀ ਬਾਂਸਲ ਦੇ ਘਰ ਦੌਰਾ ਕੀਤਾ। ਇਸ ਔਖੇ ਸਮੇਂ ਦੌਰਾਨ ਉਨ੍ਹਾਂ ਨੇ ਦੁਖੀ ਪਰਿਵਾਰਾਂ ਨਾਲ ਦਿਲੋਂ ਹਮਦਰਦੀ ਪ੍ਰਗਟਾਈ। ਅਰੋੜਾ ਨੇ ਪਰਿਵਾਰ ਦੇ ਮੈਂਬਰਾਂ ਨਾਲ ਬੈਠ ਕੇ ਉਨ੍ਹਾਂ ਨਾਲ ਦੁੱਖ ਸਾਂਝਾ ਕੀਤਾ। ਉਨ੍ਹਾਂ ਕਿਹਾ ਕਿ ਕੋਈ ਵੀ ਸ਼ਬਦ ਸੱਚਮੁੱਚ ਆਪਣੇ ਸਬੰਧੀਆਂ ਨੂੰ ਗੁਆਉਣ ਦੇ ਦਰਦ ਨੂੰ ਘੱਟ ਨਹੀਂ ਕਰ ਸਕਦਾ। ਉਨ੍ਹਾਂ ਨੇ ਇਸ ਦੁਖਾਂਤ ਦਾ ਕਾਰਨ ਬਣੀ ਲਾਪਰਵਾਹੀ ਦੀ ਸਖ਼ਤ ਆਲੋਚਨਾ ਕੀਤੀ ਅਤੇ ਜ਼ਿੰਮੇਵਾਰਾਂ ਵਿਰੁੱਧ ਸਖ਼ਤ ਕਾਰਵਾਈ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਇਹ ਘਟਨਾ ਸਿਰਫ਼ ਇੱਕ ਹਾਦਸਾ ਨਹੀਂ ਸੀ, ਸਗੋਂ ਲਾਪਰਵਾਹੀ ਦਾ ਨਤੀਜਾ ਸੀ ਅਤੇ ਕਿਸ਼ਤੀ ਦਾ ਪ੍ਰਬੰਧਨ ਕਰਨ ਵਾਲਿਆਂ ਨੂੰ ਜਵਾਬਦੇਹ ਠਹਿਰਾਇਆ ਜਾਣਾ ਚਾਹੀਦਾ ਹੈ। ਉਨ੍ਹਾਂ ਉੱਚ ਪੱਧਰੀ ਅਤੇ ਸਮਾਂਬੱਧ ਜਾਂਚ ਦੀ ਮੰਗ ਕੀਤੀ ਅਤੇ ਕਿਹਾ ਕਿ ਇਸ ਨਾਲ ਸਬੰਧਤ ਜ਼ਿੰਮੇਵਾਰਾਂ ਨੂੰ ਸਖ਼ਤ ਕਾਨੂੰਨੀ ਕਾਰਵਾਈ ਦਾ ਸਾਹਮਣਾ ਕਰਨਾ ਪਵੇਗਾ ਅਤੇ ਉਹ ਆਪਣੀ ਜ਼ਿੰਮੇਵਾਰੀ ਤੋਂ ਬਚ ਨਹੀਂ ਸਕਦੇ। ਅਰੋੜਾ ਨੇ ਅੱਗੇ ਕਿਹਾ ਕਿ ਪੰਜਾਬ ਸਰਕਾਰ ਉੱਤਰ ਪ੍ਰਦੇਸ਼ ਸਰਕਾਰ ਨਾਲ ਤਾਲਮੇਲ ਕਰੇਗੀ ਤਾਂ ਜੋ ਉਨ੍ਹਾਂ ਨੂੰ ਜਲਦ ਤੋਂ ਜਲਦ ਇਨਸਾਫ਼ ਮਿਲ ਸਕੇ ਅਤੇ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਦੁਬਾਰਾ ਨਾ ਵਾਪਰਨ। ਉਨ੍ਹਾਂ ਪਰਿਵਾਰਾਂ ਨੂੰ ਸਰਕਾਰ ਅਤੇ ਆਪਣੇ ਵੱਲੋਂ ਪੂਰਨ ਸਮਰਥਨ ਦੇਣ ਦਾ ਭਰੋਸਾ ਦਿੱਤਾ। ਉਨ੍ਹਾਂ ਪਰਿਵਾਰਾਂ ਨੂੰ ਕਿਹਾ ਕਿ ਉਹ ਕਿਸੇ ਵੀ ਤਰ੍ਹਾਂ ਦੀ ਸਹਾਇਤਾ ਲਈ ਕਿਸੇ ਵੀ ਸਮੇਂ ਉਨ੍ਹਾਂ ਤੱਕ ਪਹੁੰਚ ਕਰ ਸਕਦੇ ਹਨ ਅਤੇ ਇਸ ਮੁਸ਼ਕਲ ਸਮੇਂ ਸਰਕਾਰ ਉਨ੍ਹਾਂ ਦੇ ਨਾਲ ਹੈ। ਇਸ ਮੌਕੇ ਮੌਜੂਦ ਵਿਧਾਇਕ ਕੁਲਵੰਤ ਸਿੰਘ ਸਿੱਧੂ ਨੇ ਵੀ ਮੰਤਰੀ ਦੇ ਬਿਆਨਾਂ ਦਾ ਸਮਰਥਨ ਕੀਤਾ ਅਤੇ ਸਥਾਨਕ ਪੱਧਰ 'ਤੇ ਹਰ ਲੋੜੀਂਦੀ ਸਹਾਇਤਾ ਪ੍ਰਦਾਨ ਕਰਨਾ ਯਕੀਨੀ ਬਣਾਉਣ ਦਾ ਵਾਅਦਾ ਕੀਤਾ।

## ਭਗਵੰਤ ਮਾਨ ਸਰਕਾਰ ਜਨਤਕ ਆਵਾਜਾਈ ਨੈੱਟਵਰਕ ਵਿੱਚਕ੍ਰਾਂਤੀਕਾਰੀ ਤਬਦੀਲੀ ਲਈ ਪੀ.ਆਰ.ਟੀ.ਸੀ. ਅਤੇ ਪਨਬੱਸ ਵਿੱਚ 1,265 ਬੱਸਾਂ ਕਰੇਗੀ ਸ਼ਾਮਲ: ਹਰਪਾਲ ਸਿੰਘ ਚੀਮਾ



ਚੰਡੀਗੜ੍ਹ, 12 ਅਪ੍ਰੈਲ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਮਜ਼ਬੂਤ ਅਤੇ ਪਹੁੰਚਯੋਗ ਜਨਤਕ ਆਵਾਜਾਈ ਪ੍ਰਦਾਨ ਕਰਨ ਦੀ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ, ਪੰਜਾਬ ਦੇ ਵਿੱਤ ਅਤੇ ਟਰਾਂਸਪੋਰਟ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਇੱਥੇ ਸੂਬੇ ਦੇ ਟਰਾਂਸਪੋਰਟ ਨੈੱਟਵਰਕ ਵਿੱਚ ਵੱਡੇ ਵਿਸਥਾਰ ਦਾ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਪੈਪਸੂ ਰੋਡ ਟਰਾਂਸਪੋਰਟ ਕਾਰਪੋਰੇਸ਼ਨ (ਪੀ.ਆਰ.ਟੀ.ਸੀ.) ਵਿੱਚ 659 ਬੱਸਾਂ ਅਤੇ ਪਨਬੱਸ ਵਿੱਚ 606 ਬੱਸਾਂ ਦਾ ਇੱਕ ਵੱਡਾ ਬੇੜਾ ਸ਼ਾਮਲ ਕਰਨ ਜਾ ਰਹੀ ਹੈ। ਟਰਾਂਸਪੋਰਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਦੱਸਿਆ ਕਿ ਹਾਲ ਹੀ ਵਿੱਚ ਕਿਲੋਮੀਟਰ ਸਕੀਮ ਤਹਿਤ ਬੇੜੇ ਵਿੱਚ 250 ਬੱਸਾਂ ਸ਼ਾਮਲ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ, ਸੂਬੇ ਦੇ ਅੰਦਰ ਰੁਜ਼ਗਾਰ ਦੇ ਵੱਧ ਤੋਂ ਵੱਧ ਮੌਕੇ ਪੈਦਾ ਕਰਨ ਲਈ ਇਹ ਪਹਿਲਕਦਮੀ ਵਿਸ਼ੇਸ਼ ਤੌਰ 'ਤੇ ਪੰਜਾਬ ਦੇ ਵਸਨੀਕਾਂ ਨੂੰ ਸਮਰਪਿਤ ਸੀ। ਇਸ ਕਿਲੋਮੀਟਰ ਸਕੀਮ ਦੇ ਤਹਿਤ, ਇਨ੍ਹਾਂ ਬੱਸਾਂ ਦੇ ਮਾਲਕਾਂ (ਪ੍ਰਾਈਵੇਟ ਵਿਅਕਤੀਆਂ) ਨੂੰ ਆਪਣੇ ਵਾਹਨਾਂ ਨੂੰ ਆਪਣੀ ਪਸੰਦ ਅਨੁਸਾਰ ਤਿਆਰ ਕਰਵਾਉਣ ਦੀ ਛੋਟ ਦਿੱਤੀ ਗਈ ਸੀ, ਬਸ਼ਰਤੇ ਉਹ ਸਰਕਾਰੀ ਮਾਪਦੰਡਾਂ ਅਤੇ ਸੁਰੱਖਿਆ ਨਿਯਮਾਂ ਦੀ ਸਖ਼ਤੀ ਨਾਲ ਪਾਲਣਾ ਕਰਦੇ ਹੋਣ। ਪੀ.ਆਰ.ਟੀ.ਸੀ. ਲਈ 659 ਬੱਸਾਂ ਦੇ ਮੁਕੰਮਲ ਟੀਚੇ ਨੂੰ ਪ੍ਰਾਪਤ ਕਰਨ ਲਈ ਟਰਾਂਸਪੋਰਟ ਵਿਭਾਗ ਸਿਰਫ਼ ਕਿਲੋਮੀਟਰ ਸਕੀਮ ਦੇ ਵਾਧੇ 'ਤੇ ਹੀ ਨਹੀਂ ਰੁਕ ਰਿਹਾ। ਟਰਾਂਸਪੋਰਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, ਖੇਤਰੀ ਟਰਾਂਸਪੋਰਟ ਬੁਨਿਆਦੀ ਢਾਂਚੇ ਦੇ ਵਿਆਪਕ ਨਵੀਨੀਕਰਨ ਨੂੰ ਯਕੀਨੀ ਬਣਾਉਂਦੇ ਹੋਏ, ਪੀ.ਆਰ.ਟੀ.ਸੀ. ਵਰਤਮਾਨ ਵਿੱਚ 100 ਮਿੰਨੀ ਬੱਸਾਂ ਦੇ ਨਾਲ-ਨਾਲ 309 ਹੋਰ ਸਟੈਂਡਰਡ ਬੱਸਾਂ ਦੀ ਖਰੀਦ ਲਈ ਇੱਕ ਸਰਗਰਮ ਟੈਂਡਰ ਪ੍ਰਕਿਰਿਆ ਵਿੱਚੋਂ ਲੰਘ ਰਹੀ ਹੈ। ਪਨਬੱਸ ਲਈ ਨਿਰਧਾਰਿਤ 606 ਬੱਸਾਂ ਦਾ ਵਿਸਤ੍ਰਿਤ ਵੇਰਵਾ ਦਿੰਦੇ ਹੋਏ, ਟਰਾਂਸਪੋਰਟ ਮੰਤਰੀ ਨੇ ਸੰਚਾਲਨ ਨੂੰ ਅਨੁਕੂਲ ਬਣਾਉਣ ਲਈ ਤਿਆਰ ਕੀਤੀ ਗਈ ਇੱਕ ਯੋਜਨਾਬੱਧ ਖਰੀਦ ਯੋਜਨਾ ਦੀ ਰੂਪਰੇਖਾ ਪੇਸ਼ ਕੀਤੀ। ਉਨ੍ਹਾਂ ਕਿਹਾ, 387 ਬੱਸਾਂ ਦਾ ਇੱਕ ਵੱਡਾ ਹਿੱਸਾ ਸਿੱਧੇ ਤੌਰ 'ਤੇ ਆਮ ਪਨਬੱਸ ਫਲੀਟ ਵਿੱਚ ਸ਼ਾਮਲ ਕੀਤਾ ਜਾਵੇਗਾ ਤਾਂ ਜੋ ਵੱਖ-ਵੱਖ ਰੂਟਾਂ 'ਤੇ ਜਨਤਕ ਆਵਾਜਾਈ ਦੀ ਵੱਧ ਰਹੀ ਮੰਗ ਨੂੰ ਤੁਰੰਤ ਪੂਰਾ ਕੀਤਾ ਜਾ ਸਕੇ। ਪਨਬੱਸ ਦੇ ਬੇੜੇ ਵਿੱਚ ਬਾਕੀ ਰਹਿੰਦਾ ਵਾਧਾ ਕਿਲੋਮੀਟਰ ਸਕੀਮ ਦੇ ਤਹਿਤ ਕੀਤਾ ਜਾਵੇਗਾ ਤਾਂ ਜੋ ਸੰਚਾਲਨ ਕੁਸ਼ਲਤਾ ਅਤੇ ਰੂਟ ਕਵਰੇਜ ਨੂੰ ਹੋਰ ਹੁਲਾਰਾ ਦਿੱਤਾ ਜਾ ਸਕੇ।

ਉਨ੍ਹਾਂ ਅੱਗੇ ਕਿਹਾ, ਇਸ ਵਿਸ਼ੇਸ਼ ਪੜਾਅ ਵਿੱਚ 19 ਪਨਬੱਸ ਵੋਲਵੋ ਬੱਸਾਂ ਅਤੇ 100 ਐਚਵੀਏਸੀ ਬੱਸਾਂ ਨੂੰ ਸ਼ਾਮਲ ਕਰਨਾ ਸ਼ਾਮਲ ਹੈ, ਜੋ ਯਾਤਰੀਆਂ ਲਈ ਆਰਾਮਦਾਇਕ ਸਫ਼ਰ ਦੇ ਵਿਕਲਪਾਂ ਨੂੰ ਯਕੀਨੀ ਬਣਾਏਗਾ। ਇਸ ਤੋਂ ਇਲਾਵਾ, ਕਿਲੋਮੀਟਰ ਸਕੀਮ ਤਹਿਤ 100 ਸਾਧਾਰਨ ਬੱਸਾਂ ਦੇ ਸ਼ਾਮਲ ਹੋਣ ਨਾਲ ਇਹ ਵਿਸਥਾਰ ਮੁਕੰਮਲ ਹੋਵੇਗਾ, ਜਿਸ ਨਾਲ ਨਵੇਂ ਪਨਬੱਸ ਵਾਹਨਾਂ ਦੀ ਕੁੱਲ ਗਿਣਤੀ 606 ਹੋ ਜਾਵੇਗੀ। ਵਿੱਤ ਅਤੇ ਟਰਾਂਸਪੋਰਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਪੀ.ਆਰ.ਟੀ.ਸੀ. ਅਤੇ ਪਨਬੱਸ ਦੋਵਾਂ ਦੇ ਬੇੜੇ ਵਿੱਚ ਇਸ ਇਤਿਹਾਸਕ ਵਿਸਥਾਰ ਨਾਲ ਪੰਜਾਬ ਭਰ ਵਿੱਚ ਸੰਪਰਕ ਵਿੱਚ ਕਾਫ਼ੀ ਸੁਧਾਰ ਹੋਣ ਦੀ ਉਮੀਦ ਹੈ। ਉਨ੍ਹਾ ਕਿਹਾ ਕਿ ਪੀ.ਆਰ.ਟੀ.ਸੀ. ਅਤੇ ਪਨਬੱਸ ਦੇ ਬੇੜੇ ਵਿੱਚ ਨਵੀਆਂ ਬੱਸਾਂ ਦਾ ਸ਼ਾਮਲ ਹੋਣਾ ਰੋਜ਼ਾਨਾ ਯਾਤਰੀਆਂ ਲਈ ਵਧੇਰੇ ਆਰਾਮਦਾਇਕ, ਭਰੋਸੇਮੰਦ ਅਤੇ ਆਸਾਨ ਸਫ਼ਰ ਦੀ ਸਹੂਲਤ ਮੁਹੱਈਆ ਕਰਨ ਦੇ ਨਾਲ-ਨਾਲ ਉੱਦਮੀ ਮੌਕਿਆਂ ਅਤੇ ਸੂਬੇ ਦੇ ਮਾਲੀਏ ਨੂੰ ਵੀ ਹੁਲਾਰਾ ਵੀ ਦੇਵੇਗਾ।

## ਗਾਇਕਾ ਆਸ਼ਾ ਭੌਂਸਲੇ ਦਾ 92 ਸਾਲ ਦੀ ਉਮਰ ਵਿੱਚ ਦੇਹਾਂਤ



ਮੁੰਬਈ, 12 ਅਪ੍ਰੈਲ (ਪੱਤਰ ਪ੍ਰੇਰਕ) : ਭਾਰਤੀ ਸੰਗੀਤ ਦੀ ਦੁਨੀਆ ਤੋਂ ਇੱਕ ਚਮਕਦਾਰ ਸਟਾਰ ਅੱਜ ਹਮੇਸ਼ਾ ਲਈ ਚੁੱਪ ਹੋ ਗਿਆ ਹੈ। ਮਹਾਨ ਪਲੇਬੈਕ ਗਾਇਕਾ ਆਸ਼ਾ ਭੌਂਸਲੇ ਦਾ 92 ਸਾਲ ਦੀ ਉਮਰ ਵਿੱਚ ਮੁੰਬਈ ਦੇ ਇੱਕ ਹਸਪਤਾਲ ਵਿੱਚ ਦੇਹਾਂਤ ਹੋ ਗਿਆ ਹੈ। ਪਰਿਵਾਰਕ ਸੂਤਰਾਂ ਨੇ ਇਸ ਦੁਖਦਾਈ ਖ਼ਬਰ ਦੀ ਪੁਸ਼ਟੀ ਕੀਤੀ ਹੈ। ਜ਼ਿਕਰਯੋਗ ਹੈ ਕਿ ਆਸ਼ਾ ਜੀ ਹਾਲ ਹੀ ਵਿੱਚ ਛਾਤੀ ਦੀ ਲਾਗ, ਥਕਾਵਟ ਅਤੇ ਦਿਲ ਦੀਆਂ ਸਮੱਸਿਆਵਾਂ ਤੋਂ ਪੀੜਤ ਸਨ। ਉਨ੍ਹਾਂ ਨੂੰ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਸੀ। ਉਨ੍ਹਾਂ ਦੇ ਦੇਹਾਂਤ ਨਾਲ ਭਾਰਤੀ ਸਿਨੇਮਾ ਅਤੇ ਗਾਇਕੀ ਦਾ ਇੱਕ ਸੁਨਹਿਰੀ ਯੁੱਗ ਖਤਮ ਹੋ ਗਿਆ ਹੈ। ਉਨ੍ਹਾਂ ਨੇ ਆਪਣੇ ਦਹਾਕਿਆਂ ਦੇ ਲੰਬੇ ਕਰੀਅਰ ਵਿੱਚ ਹਜ਼ਾਰਾਂ ਗੀਤ ਗਾਏ ਅਤੇ ਕਈ ਪੀੜ੍ਹੀਆਂ ਦੇ ਦਿਲਾਂ 'ਤੇ ਰਾਜ ਕੀਤਾ। ਉਨ੍ਹਾਂ ਦੀ ਮੌਤ ਦੀ ਖ਼ਬਰ ਸੁਣਦੇ ਹੀ ਦੇਸ਼ ਭਰ ਵਿੱਚ ਸੋਗ ਦੀ ਲਹਿਰ ਫੈਲ ਗਈ। ਆਸ਼ਾ ਭੌਂਸਲੇ ਆਪਣੇ ਪਿੱਛੇ ਆਪਣੇ ਪੁੱਤਰ ਆਨੰਦ ਅਤੇ ਪੋਤੇ-ਪੋਤੀਆਂ ਛੱਡ ਗਏ ਹਨ। ਆਸ਼ਾ ਨੇ 'ਚਾਣ ਸੇ ਹਮ ਕੋ ਕਭੀ' ਨਾਲ 'ਆਜਾ, ਆਜਾ' ਵਰਗੇ ਗੀਤਾਂ ਅਤੇ ਗੁਆਚੇ ਪਿਆਰ ਦੇ ਦਰਦ 'ਤੇ ਦਰਸ਼ਕਾਂ ਨੂੰ ਨੱਚਣ ਲਈ ਮਜਬੂਰ ਕੀਤਾ।

## ਬਠਿੰਡਾ ਦੇ ਤਲਵੰਡੀ ਸਾਬੋ ਵਿੱਚ ਵੱਡਾ ਪ੍ਰਸ਼ਾਸਨਿਕ ਸੁਧਾਰ, ਮੁੱਖ ਮੰਤਰੀ ਮਾਨ ਨੇ ਇੱਕੋ ਛੱਤ ਹੇਠ ਰਜਿਸਟਰੀ ਤੋਂ ਰਿਕਾਰਡ ਰੂਮ ਤੱਕ ਦੀਆਂ ਸਹੂਲਤਾਂ ਨਾਲ ਲੈਸ ਆਧੁਨਿਕ ਸਬ-ਡਿਵੀਜ਼ਨਲ ਕੰਪਲੈਕਸ ਲੋਕਾਂ ਨੂੰ ਕੀਤਾ ਸਮਰਪਿਤ



ਤਲਵੰਡੀ ਸਾਬੋ, 12 ਅਪ੍ਰੈਲ (ਜਗਸੀਰ ਭੁੱਲਰ,ਸੰਦੀਪ): ਪਵਿੱਤਰ ਨਗਰੀ ਤਲਵੰਡੀ ਸਾਬੋ ਵਿਖੇ ਵੱਡਾ ਪ੍ਰਸ਼ਾਸਨਿਕ ਸੁਧਾਰ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਅਤਿ-ਆਧੁਨਿਕ ਸਬ-ਡਿਵੀਜ਼ਨਲ ਕੰਪਲੈਕਸ ਦਾ ਉਦਘਾਟਨ ਕੀਤਾ। ਇਹ ਕੰਪਲੈਕਸ 40 ਸਾਲ ਪੁਰਾਣੇ ਅਸੁਰੱਖਿਅਤ ਇਮਾਰਤ ਦੀ ਥਾਂ ਲਗਪਗ 6 ਕਰੋੜ ਰੁਪਏ ਦੀ ਲਾਗਤ ਨਾਲ ਬਣਾਇਆ ਗਿਆ ਹੈ, ਜੋ ਆਧੁਨਿਕ ਅਤੇ ਨਾਗਰਿਕ-ਕੇਂਦ੍ਰਿਤ ਸਹੂਲਤ ਨਾਲ ਲੈਸ ਹੈ। ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਨਤਮਸਤਕ ਹੋਣ ਉਪਰੰਤ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਤਿੰਨ ਮੰਜ਼ਿਲਾ ਕੰਪਲੈਕਸ ਲੋਕਾਂ ਨੂੰ ਸਮਰਪਿਤ ਕੀਤਾ ਅਤੇ ਕਿਹਾ ਕਿ ਇਸ ਨਵੀਂ ਇਮਾਰਤ ਨਾਲ ਰਜਿਸਟਰੀ ਤੋਂ ਲੈ ਕੇ ਰਿਕਾਰਡ ਰੂਮ ਤੱਕ ਸਾਰੀਆਂ ਜ਼ਰੂਰੀ ਸਰਕਾਰੀ ਸੇਵਾਵਾਂ ਹਾਈ-ਸਪੀਡ ਡਿਜੀਟਲ ਕਨੈਕਟੀਵਿਟੀ ਨਾਲ ਇੱਕੋ ਛੱਤ ਹੇਠ ਪ੍ਰਦਾਨ ਕੀਤੀਆਂ ਜਾਣਗੀਆਂ।ਇਸ ਕੰਪਲੈਕਸ ਵਿੱਚ 28 ਕਮਰੇ ਬਣਾਏ ਗਏ ਹਨ, ਜਿਹਨਾਂ ਵਿੱਚ ਆਸਾਨ ਰਜਿਸਟਰੀ, ਐਸਡੀਐਮ ਅਤੇ ਤਹਿਸੀਲਦਾਰ ਅਦਾਲਤਾਂ, ਫਰਦ ਕੇਂਦਰ, ਖਜ਼ਾਨਾ ਦਫ਼ਤਰ, ਰਿਕਾਰਡ ਰੂਮ ਅਤੇ ਹੋਰ ਮੁੱਖ ਸਹੂਲਤਾਂ ਸ਼ਾਮਲ ਹਨ। ਇਸ ਦੇ ਨਾਲ ਹੀ ਇੱਕ ਲਿਫਟ ਅਤੇ ਆਧੁਨਿਕ ਬੁਨਿਆਦੀ ਢਾਂਚਾ ਯਕੀਨੀ ਬਣਾਇਆ ਗਿਆ ਹੈ ਤਾਂ ਜੋ ਕੁਸ਼ਲਤਾ ਦੇ ਨਾਲ-ਨਾਲ ਬਿਹਤਰ ਜਨਤਕ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਸਕਣ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਿਛਲੀ ਇਮਾਰਤ ਪੂਰੀ ਤਰ੍ਹਾਂ ਖੰਡਰ ਬਣ ਚੁੱਕੀ ਸੀ, ਜੋ ਜਾਨ-ਮਾਲ ਲਈ ਵੱਡਾ ਖ਼ਤਰਾ ਬਣਇਆ ਹੋਇਆ ਸੀ। ਉਨ੍ਹਾਂ ਕਿਹਾ ਕਿ ਨਵਾਂ ਕੰਪਲੈਕਸ ਤਲਵੰਡੀ ਸਾਬੋ ਅਤੇ ਨੇੜਲੇ ਪਿੰਡਾਂ ਦੇ ਵਸਨੀਕਾਂ ਲਈ ਸੇਵਾਵਾਂ ਵਿੱਚ ਪਾਰਦਰਸ਼ਤਾ ਅਤੇ ਤੇਜ਼ੀ ਲਿਆਵੇਗਾ।ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਅੱਜ ਤਲਵੰਡੀ ਸਾਬੋ ਦੀ ਪਵਿੱਤਰ ਧਰਤੀ ਤੇ ਨਵੇਂ ਸਬ-ਡਿਵੀਜ਼ਨਲ ਕੰਪਲੈਕਸ ਦਾ ਉਦਘਾਟਨ ਕਰਕੇ ਲੋਕਾਂ ਨੂੰ ਸਮਰਪਿਤ ਕੀਤਾ ਗਿਆ। 40 ਸਾਲ ਪੁਰਾਣੀ ਖੰਡਰ ਇਮਾਰਤ ਦੀ ਥਾਂ ਤੇ ਲਗਪਗ 6 ਕਰੋੜ ਰੁਪਏ ਦੀ ਲਾਗਤ ਨਾਲ ਇਹ ਆਧੁਨਿਕ ਕੰਪਲੈਕਸ ਬਣਾਇਆ ਗਿਆ ਹੈ।ਉਨ੍ਹਾਂ ਕਿਹਾ, ਇਸ ਤਿੰਨ ਮੰਜ਼ਿਲਾ ਇਮਾਰਤ ਵਿੱਚ 28 ਕਮਰੇ ਹਨ, ਜਿੱਥੇ ਸਾਰੀਆਂ ਜ਼ਰੂਰੀ ਸਹੂਲਤਾਂ ਜਿਵੇਂ ਕਿ ਐਸਡੀਐਮ ਅਦਾਲਤ, ਤਹਿਸੀਲਦਾਰ ਅਦਾਲਤ, ਫਰਦ ਕੇਂਦਰ, ਰਿਕਾਰਡ ਰੂਮ, ਖਜ਼ਾਨਾ ਦਫ਼ਤਰ ਅਤੇ ਕੰਟੀਨ ਇੱਕੋ ਛੱਤ ਹੇਠ ਉਪਲੱਬਧ ਹਨ। ਹਰ ਦਫ਼ਤਰ ਨੂੰ ਹਾਈ-ਸਪੀਡ ਇੰਟਰਨੈਟ ਨਾਲ ਲੈਸ ਕੀਤਾ ਗਿਆ ਹੈ ਅਤੇ ਲੋਕਾਂ ਦੀ ਸਹੂਲਤ ਲਈ ਇੱਕ ਲਿਫਟ ਦਾ ਵੀ ਪ੍ਰਬੰਧ ਕੀਤਾ ਗਿਆ ਹੈ।ਉਨ੍ਹਾਂ ਕਿਹਾ, ਇਹ ਕੰਪਲੈਕਸ ਤਲਵੰਡੀ ਸਾਬੋ ਅਤੇ ਆਲੇ-ਦੁਆਲੇ ਦੇ ਪਿੰਡਾਂ ਦੇ ਲੋਕਾਂ ਲਈ ਵਰਦਾਨ ਸਾਬਤ ਹੋਵੇਗਾ, ਜਿਸ ਨਾਲ ਸਰਕਾਰੀ ਸੇਵਾਵਾਂ ਤੇਜ਼ੀ ਤੇ ਪਾਰਦਰਸ਼ਤਾ ਆਵੇਗੀ ਅਤੇ ਪਹੁੰਚ ਵਿੱਚ ਵਾਧਾ ਹੋਵੇਗਾ। ਲਗਾਤਾਰ ਵਿਕਾਸ ਨਾਲ ਅਸੀਂ ਲੋਕਾਂ ਦੀ ਸੇਵਾ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹਾਂ।ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਚਰਨ ਛੋਹ ਪ੍ਰਾਪਤ ਪਵਿੱਤਰ ਇਤਿਹਾਸਕ ਧਰਤੀ ਤੇ ਨਵਾਂ ਬਣਿਆ ਸਬ-ਡਿਵੀਜ਼ਨਲ ਕੰਪਲੈਕਸ ਲੋਕਾਂ ਨੂੰ ਸਮਰਪਿਤ ਕਰਨ ਤੋਂ ਬਾਅਦ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਪ੍ਰੋਜੈਕਟ ਆਧੁਨਿਕ, ਨਾਗਰਿਕ-ਕੇਂਦ੍ਰਿਤ ਬੁਨਿਆਦੀ ਢਾਂਚਾ ਪ੍ਰਦਾਨ ਕਰਕੇ ਜ਼ਮੀਨੀ ਪੱਧਰ ਤੇ ਪ੍ਰਸ਼ਾਸਨ ਨੂੰ ਹੋਰ ਮਜ਼ਬੂਤ ਕਰਨ ਪ੍ਰਤੀ ਪੰਜਾਬ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਪਿਛਲੀ ਸਬ-ਡਿਵੀਜ਼ਨਲ ਕੰਪਲੈਕਸ ਦੀ ਇਮਾਰਤ ਲਗਪਗ 40 ਸਾਲ ਪੁਰਾਣੀ ਸੀ ਅਤੇ ਬਹੁਤ ਹੀ ਖਸਤਾ ਹਾਲਤ ਵਿੱਚ ਸੀ। ਨਵੇਂ ਕੰਪਲੈਕਸ ਦੇ ਨਿਰਮਾਣ 'ਤੇ 6 ਕਰੋੜ ਰੁਪਏ ਖਰਚ ਕੀਤੇ ਗਏ ਹਨ ਅਤੇ ਇਸ ਦਾ ਕੁੱਲ ਖੇਤਰਫਲ 3,000 ਵਰਗ ਫੁੱਟ ਹੈ। ਉਨ੍ਹਾਂ ਕਿਹਾ, ਤਿੰਨ ਮੰਜ਼ਿਲਾ ਇਮਾਰਤ ਵਿੱਚ 28 ਕਮਰੇ ਹਨ ਅਤੇ ਇਸ ਵਿੱਚ ਆਸਾਨ ਰਜਿਸਟ੍ਰੇਸ਼ਨ ਲਈ ਦਫ਼ਤਰ, ਐਸਡੀਐਮ ਅਦਾਲਤ, ਤਹਿਸੀਲਦਾਰ ਅਦਾਲਤ, ਫਰਦ ਕੇਂਦਰ, ਰਿਕਾਰਡ ਰੂਮ, ਖਜ਼ਾਨਾ ਦਫ਼ਤਰ ਅਤੇ ਇੱਕ ਕੰਟੀਨ ਵਰਗੀਆਂ ਸਹੂਲਤਾਂ ਸ਼ਾਮਲ ਹਨ।ਆਧੁਨਿਕ ਬੁਨਿਆਦੀ ਢਾਂਚੇ ਤੇ ਚਾਨਣਾ ਪਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸਾਰੇ ਦਫ਼ਤਰਾਂ ਨੂੰ ਹਾਈ-ਸਪੀਡ ਇੰਟਰਨੈੱਟ ਨਾਲ ਲੈਸ ਕੀਤਾ ਗਿਆ ਹੈ ਅਤੇ ਕੰਪਲੈਕਸ ਵਿੱਚ ਲਿਫਟ ਦੀ ਸਹੂਲਤ ਵੀ ਹੈ। ਉਨ੍ਹਾਂ ਅੱਗੇ ਕਿਹਾ ਕਿ ਲੋਕਾਂ ਦੀ ਸਹੂਲਤ ਲਈ ਅਜਿਹੇ ਆਧੁਨਿਕ ਤਹਿਸੀਲ ਕੰਪਲੈਕਸ ਪੂਰੇ ਪੰਜਾਬ ਵਿੱਚ ਬਣਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਕਦੇ ਵੀ ਅਜਿਹੇ ਲੋਕ-ਕੇਂਦ੍ਰਿਤ ਉਪਰਾਲਿਆਂ ਵੱਲ ਧਿਆਨ ਨਹੀਂ ਦਿੱਤਾ ਸੀ।ਪਿਛਲੀਆਂ ਸਰਕਾਰਾਂ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਪਹਿਲਾਂ, ਸੂਬੇ ਦੀ ਵਾਗਡੋਰ ਗਲਤ ਹੱਥਾਂ ਵਿੱਚ ਸੀ, ਜਿਸ ਕਾਰਨ ਪੰਜਾਬ ਨੂੰ ਬਹੁਤ ਨੁਕਸਾਨ ਝੱਲਣਾ ਪਿਆ। ਉਨ੍ਹਾਂ ਅੱਗੇ ਕਿਹਾ, ਅਹੁਦਾ ਸੰਭਾਲਣ ਤੋਂ ਬਾਅਦ ਸਾਡੀ ਸਰਕਾਰ ਨੇ ਜਨਤਕ ਮਹੱਤਵ ਵਾਲੇ ਕੰਮਾਂ ਨੂੰ ਤਰਜੀਹ ਦਿੱਤੀ। ਸੰਤੁਸ਼ਟੀ ਪ੍ਰਗਟ ਕਰਦਿਆਂ ਉਨ੍ਹਾਂ ਕਿਹਾ ਕਿ ਇਹ ਇਮਾਰਤਾਂ ਲੋਕਾਂ ਦੀਆਂ ਭਵਿੱਖੀ ਜ਼ਰੂਰਤਾਂ ਨੂੰ ਧਿਆਨ ਵਿੱਚ ਰੱਖ ਕੇ ਬਣਾਈਆਂ ਜਾ ਰਹੀਆਂ ਹਨ।ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਆਸ ਪ੍ਰਗਟਾਈ ਕਿ ਨਵਾਂ ਸਬ-ਡਿਵੀਜ਼ਨਲ ਕੰਪਲੈਕਸ ਤਲਵੰਡੀ ਸਾਬੋ ਅਤੇ ਨੇੜਲੇ ਪਿੰਡਾਂ ਦੇ ਵਸਨੀਕਾਂ ਨੂੰ ਇੱਕੋ ਛੱਤ ਹੇਠ ਤੇਜ਼, ਪਾਰਦਰਸ਼ੀ ਅਤੇ ਨਿਰਵਿਘਨ ਸੇਵਾਵਾਂ ਪ੍ਰਦਾਨ ਕਰਕੇ ਵੱਡਾ ਲਾਭ ਪਹੁੰਚਾਏਗਾ।ਇਸ ਤੋਂ ਪਹਿਲਾਂ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਨਤਮਸਤਕ ਹੋਣ ਉਪਰੰਤ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬ ਵਿੱਚ ਸ਼ਾਂਤੀ, ਤਰੱਕੀ ਅਤੇ ਖੁਸ਼ਹਾਲੀ ਲਈ ਅਰਦਾਸ ਕੀਤੀ। ਉਨ੍ਹਾਂ ਆਸ ਪ੍ਰਗਟਾਈ ਕਿ ਸ਼ਾਂਤੀ ਅਤੇ ਭਾਈਚਾਰਕ ਸਾਂਝ ਦੀਆਂ ਤੰਦਾਂ ਹਰ ਬੀਤਦੇ ਦਿਨ ਦੇ ਨਾਲ ਹੋਰ ਮਜ਼ਬੂਤ ਹੋਣਗੀਆਂ, ਜਿਸ ਨਾਲ ਪੰਜਾਬ ਹਰ ਖੇਤਰ ਵਿੱਚ ਦੇਸ਼ ਦੀ ਅਗਵਾਈ ਕਰ ਸਕੇਗਾ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਪਵਿੱਤਰ ਨਗਰੀ ਤਲਵੰਡੀ ਸਾਬੋ ਨੂੰ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਚਰਨ ਛੋਹ ਪ੍ਰਾਪਤ ਹੈ ਅਤੇ ਮੈਨੂੰ ਇੱਥੇ ਨਤਮਸਤਕ ਹੋਣ ਦਾ ਸੁਭਾਗ ਪ੍ਰਾਪਤ ਹੋਇਆ ਹੈਵਿਸਾਖੀ ਦੇ ਪਵਿੱਤਰ ਮੌਕੇ ਵਧਾਈਆਂ ਦਿੰਦਿਆਂ ਉਨ੍ਹਾਂ ਕਿਹਾ, ਇਹ ਤਿਉਹਾਰ ਪੰਜਾਬੀ ਅਤੇ ਪੰਜਾਬੀਅਤ ਦੀ ਭਾਵਨਾ ਦੇ ਨਾਲ-ਨਾਲ ਅਨੇਕਤਾ ਵਿੱਚ ਏਕਤਾ ਦਾ ਪ੍ਰਤੀਕ ਵੀ ਹੈ। ਉਨ੍ਹਾਂ ਯਾਦ ਕੀਤਾ ਕਿ 13 ਅਪ੍ਰੈਲ, 1699 ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਖਾਲਸਾ ਪੰਥ ਸਾਜਿਆ ਸੀ ਅਤੇ ਇਸ ਪਲ ਨੂੰ ਇਤਿਹਾਸ ਵਿੱਚ ਵੀ ਦਰਜ ਕੀਤਾ ਗਿਆ।ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਇਸ ਪਾਵਨ ਦਿਹਾੜੇ ਵੱਖ-ਵੱਖ ਜਾਤਾਂ ਨਾਲ ਸਬੰਧਤ ਪੰਜ ਪਿਆਰਿਆਂ ਨੂੰ ਅੰਮ੍ਰਿਤ ਛਕਾਇਆ ਗਿਆ, ਇੱਕ ਬਰਾਬਰੀ ਵਾਲੇ ਸਮਾਜ ਦੀ ਨੀਂਹ ਰੱਖ ਕੇ ਪਿਆਰ, ਹਮਦਰਦੀ, ਵਿਸ਼ਵਵਿਆਪੀ ਭਾਈਚਾਰੇ ਅਤੇ ਭਾਈਚਾਰਕ ਸਦਭਾਵਨਾ ਦਾ ਸੰਦੇਸ਼ ਫੈਲਾਇਆ ਗਿਆ। ਉਨ੍ਹਾਂ ਅੱਗੇ ਕਿਹਾ ਕਿ ਵਿਸਾਖੀ ਵਾਢੀ ਦੇ ਮੌਸਮ ਦੀ ਸ਼ੁਰੂਆਤ ਨੂੰ ਵੀ ਦਰਸਾਉਂਦੀ ਹੈ ਅਤੇ ਇਹ ਕਿਸਾਨਾਂ, ਮਜ਼ਦੂਰਾਂ ਅਤੇ ਮਿਹਨਤੀ ਲੋਕਾਂ ਦਾ ਤਿਉਹਾਰ ਹੈ, ਨਾਗਰਿਕਾਂ ਨੂੰ ਕੌਮ ਦੇ ਸਮਾਜਿਕ ਅਤੇ ਧਰਮ ਨਿਰਪੱਖ ਤਾਣੇ-ਬਾਣੇ ਨੂੰ ਹੋਰ ਮਜ਼ਬੂਤ ਕਰਨ ਲਈ ਇਸਨੂੰ ਰਵਾਇਤੀ ਉਤਸ਼ਾਹ ਨਾਲ ਮਨਾਇਆ ਜਾਣਾ ਚਾਹੀਦਾ ਹੈ।

## ਦੀਪਕ ਬਾਲੀ ਨੇ ਆਸ਼ਾ ਭੌਂਸਲੇ ਦੇ ਦੇਹਾਂਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ



ਚੰਡੀਗੜ੍ਹ, 12 ਅਪ੍ਰੈਲ (ਚ.ਨ.ਸ.): ਪੰਜਾਬ ਕਲਚਰ ਅਤੇ ਟੂਰਿਜ਼ਮ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ ਨੇ ਮਹਾਨ ਪਿੱਠਵਰਤੀ ਗਾਇਕਾ ਆਸ਼ਾ ਭੌਂਸਲੇ ਦੇ ਦੇਹਾਂਤ ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਉਨ੍ਹਾਂ ਕਿਹਾ ਕਿ ਅੱਜ ਦੇਸ਼ ਨੇ ਇੱਕ ਅਜਿਹੀ ਮਹਾਨ ਆਵਾਜ਼ ਗੁਆ ਦਿੱਤੀ ਹੈ, ਜਿਸ ਨੇ ਦਹਾਕਿਆਂ ਤੱਕ ਆਪਣੀਆਂ ਸੁਰਾਂ ਨਾਲ ਲੋਕਾਂ ਦੇ ਦਿਲਾਂ ਤੇ ਰਾਜ ਕੀਤਾ। ਦੀਪਕ ਬਾਲੀ ਨੇ ਕਿਹਾ ਕਿ ਆਸ਼ਾ ਭੌਂਸਲੇ ਦੇ ਦੇਹਾਂਤ ਦੀ ਖ਼ਬਰ ਨਾਲ ਮਨ ਬਹੁਤ ਦੁਖੀ ਹੈ। 92 ਸਾਲ ਦੀ ਉਮਰ ਤੱਕ ਉਨ੍ਹਾਂ ਦਾ ਜੀਵਨ ਪ੍ਰਾਪਤੀਆਂ ਨਾਲ ਭਰਿਆ ਰਿਹਾ ਅਤੇ ਉਨ੍ਹਾਂ ਨੇ ਆਪਣੇ ਲੰਬੇ ਸੰਗੀਤਕ ਸਫ਼ਰ ਵਿੱਚ ਅਣਗਿਣਤ ਯਾਦਗਾਰੀ ਗੀਤਾਂ ਨਾਲ ਭਾਰਤ ਦਾ ਨਾਮ ਪੂਰੀ ਦੁਨੀਆ ਵਿੱਚ ਰੌਸ਼ਨ ਕੀਤਾ। ਉਨ੍ਹਾਂ ਕਿਹਾ ਕਿ ਆਸ਼ਾ ਭੌਂਸਲੇ ਦੀ ਸੁਰੀਲੀ ਆਵਾਜ਼ ਵਿੱਚ ਇੱਕ ਅਦਭੁਤ ਜਾਦੂ ਸੀ, ਜੋ ਹਰ ਵਰਗ ਦੇ ਲੋਕਾਂ ਨੂੰ ਕੀਲ ਲੈਂਦਾ ਸੀ। ਉਨ੍ਹਾਂ ਦੇ ਗਾਏ ਗੀਤਾਂ ਵਿੱਚ ਦਿਲ ਨੂੰ ਛੂਹ ਲੈਣ ਵਾਲੀ ਮਿਠਾਸ ਸੀ, ਜੋ ਉਨ੍ਹਾਂ ਨੂੰ ਦੂਜੇ ਗਾਇਕਾਂ ਤੋਂ ਵੱਖਰੀ ਪਛਾਣ ਦਿੰਦੀ ਸੀ। ਦੀਪਕ ਬਾਲੀ ਨੇ ਅੱਗੇ ਕਿਹਾ ਕਿ ਕਲਾ ਅਤੇ ਭਾਰਤੀ ਸੰਗੀਤ ਨੂੰ ਪਿਆਰ ਕਰਨ ਵਾਲੇ ਕਰੋੜਾਂ ਲੋਕਾਂ ਦੀਆਂ ਅੱਖਾਂ ਅੱਜ ਨਮ ਹਨ। ਉਨ੍ਹਾਂ ਦੀ ਵਿਲੱਖਣ ਸੰਗੀਤਕ ਯਾਤਰਾ, ਜੋ ਕਈ ਦਹਾਕਿਆਂ ਤੱਕ ਫੈਲੀ ਰਹੀ, ਨੇ ਨਾ ਸਿਰਫ਼ ਭਾਰਤੀ ਸੱਭਿਆਚਾਰਕ ਵਿਰਸੇ ਨੂੰ ਅਮੀਰ ਕੀਤਾ ਸਗੋਂ ਦੁਨੀਆ ਭਰ ਦੇ ਲੱਖਾਂ-ਕਰੋੜਾਂ ਲੋਕਾਂ ਦੇ ਦਿਲਾਂ ਨੂੰ ਵੀ ਛੂਹਿਆ। ਉਨ੍ਹਾਂ ਕਿਹਾ ਕਿ ਆਸ਼ਾ ਭੌਂਸਲੇ ਭਾਰਤ ਦੀਆਂ ਸਭ ਤੋਂ ਪ੍ਰਤਿਭਾਸ਼ਾਲੀ ਅਤੇ ਮਸ਼ਹੂਰ ਆਵਾਜ਼ਾਂ ਵਿੱਚੋਂ ਇੱਕ ਸਨ। ਉਨ੍ਹਾਂ ਦਾ ਸੰਗੀਤਕ ਸਫ਼ਰ ਆਉਣ ਵਾਲੀਆਂ ਪੀੜ੍ਹੀਆਂ ਲਈ ਪ੍ਰੇਰਨਾ ਦਾ ਸਰੋਤ ਬਣਿਆ ਰਹੇਗਾ ਅਤੇ ਉਨ੍ਹਾਂ ਦੀ ਆਵਾਜ਼ ਹਮੇਸ਼ਾ ਭਾਰਤੀਆਂ ਦੇ ਦਿਲਾਂ ਵਿੱਚ ਜਿਊਂਦੀ ਰਹੇਗੀ। ਦੀਪਕ ਬਾਲੀ ਨੇ ਦੱਸਿਆ ਕਿ ਪੰਜਾਬ ਸਰਕਾਰ ਅਤੇ ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਵੀ ਆਸ਼ਾ ਭੌਂਸਲੇ ਦੇ ਦੇਹਾਂਤ ਤੇ ਆਪਣੀ ਡੂੰਘੀ ਹਮਦਰਦੀ ਪ੍ਰਗਟ ਕੀਤੀ ਹੈ। ਉਨ੍ਹਾਂ ਕਿਹਾ ਕਿ ਇਹ ਭਾਰਤੀ ਸੰਗੀਤ ਜਗਤ ਲਈ ਨਾ ਪੂਰਿਆ ਜਾਣ ਵਾਲਾ ਘਾਟਾ ਹੈ, ਜਿਸ ਨੂੰ ਕਦੇ ਭੁਲਾਇਆ ਨਹੀਂ ਜਾ ਸਕੇਗਾ।

## ਭਗਵੰਤ ਮਾਨ ਨੇ ਬਠਿੰਡਾ ਦੌਰੇ ਦੌਰਾਨ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਮੱਥਾ ਟੇਕਿਆ

ਬਠਿੰਡਾ, 12 ਅਪ੍ਰੈਲ (ਚ.ਨ.ਸ.) : ਮੁੱਖ ਮੰਤਰੀ ਭਗਵੰਤ ਮਾਨ ਅੱਜ ਬਠਿੰਡਾ ਜ਼ਿਲ੍ਹੇ ਦੇ ਇਤਿਹਾਸਕ ਕਸਬੇ ਤਲਵੰਡੀ ਸਾਬੋ ਪਹੁੰਚਣਗੇ। ਉਹ ਪਹਿਲਾਂ ਸਿੱਖਾਂ ਦੇ ਪਵਿੱਤਰ ਸਥਾਨ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਮੱਥਾ ਟੇਕਣਗੇ ਅਤੇ ਸੂਬੇ ਦੀ ਖੁਸ਼ਹਾਲੀ ਲਈ ਅਰਦਾਸ ਕਰਨਗੇ।

**ਲੋਕਾਂ ਲਈ ਇੱਕ ਵੱਡਾ ਵਿਕਾਸ ਤੋਹਫ਼ਾ :** ਦੱਸਣਯੋਗ ਹੈ ਕਿ ਮੁੱਖ ਮੰਤਰੀ ਮਾਨ ਅੱਜ ਤਲਵੰਡੀ ਸਾਬੋ ਦੇ ਲੋਕਾਂ ਲਈ ਇੱਕ ਵੱਡੇ ਵਿਕਾਸ ਪ੍ਰੋਜੈਕਟ ਦਾ ਉਦਘਾਟਨ ਕਰਨਗੇ। ਉਹ ਸਬ-ਡਿਵੀਜ਼ਨਲ ਕੰਪਲੈਕਸ ਦੀ ਨਵੀਂ ਅਤਿ-ਆਧੁਨਿਕ ਇਮਾਰਤ ਦਾ ਉਦਘਾਟਨ ਕਰਨਗੇ, ਜਿਸਨੂੰ ਇੱਕ ਛੱਤ ਹੇਠ ਪ੍ਰਸ਼ਾਸਨਿਕ ਸਹੂਲਤਾਂ ਪ੍ਰਦਾਨ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਮੰਨਿਆ ਜਾਂਦਾ ਹੈ।

**6 ਕਰੋੜ ਦੀ ਲਾਗਤ ਨਾਲ ਬਣੀ ਇੱਕ ਆਧੁਨਿਕ ਇਮਾਰਤ :** ਲਗਭਗ 6 ਕਰੋੜ ਦੀ ਲਾਗਤ ਨਾਲ ਬਣੀ ਇਸ ਇਮਾਰਤ ਵਿੱਚ ਆਮ ਲੋਕਾਂ ਦੀ ਸਹੂਲਤ ਲਈ ਕਈ ਮਹੱਤਵਪੂਰਨ ਦਫ਼ਤਰ ਹਨ। ਇਨ੍ਹਾਂ ਵਿੱਚ ਈ-ਰਜਿਸਟਰੀ ਸੈਂਟਰ, ਐਸਡੀਐਮ ਕੋਰਟ, ਤਹਿਸੀਲਦਾਰ ਕੋਰਟ, ਫਰਦ ਸੈਂਟਰ, ਰਿਕਾਰਡ ਰੂਮ ਅਤੇ ਖਜ਼ਾਨਾ ਦਫ਼ਤਰ ਸ਼ਾਮਲ ਹਨ।

## ਸੰਧਵਾਂ ਵੱਲੋਂ ਪ੍ਰਸਿੱਧ ਗਾਇਕਾ ਆਸ਼ਾ ਭੌਂਸਲੇ ਦੇ ਦੇਹਾਂਤ 'ਤੇ ਦੁੱਖ ਪ੍ਰਗਟ



ਚੰਡੀਗੜ੍ਹ, 12 ਅਪ੍ਰੈਲ (ਚ.ਨ.ਸ) : ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ 'ਸੁਰਾਂ ਦੀ ਮਲਿਕਾ' ਆਸ਼ਾ ਭੌਂਸਲੇ ਜੀ ਦੇ ਦੇਹਾਂਤ 'ਤੇ ਡੂੰਘਾ ਦੁੱਖ ਪ੍ਰਗਟ ਕੀਤਾ। ਉਨ੍ਹਾਂ ਨੇ ਇਸ ਦੁੱਖ ਦੀ ਘੜੀ ਵਿੱਚ ਪਰਿਵਾਰ ਨਾਲ ਦਿਲੋਂ ਹਮਦਰਦੀ ਪ੍ਰਗਟਾਈ। ਉਨ੍ਹਾਂ ਅੱਗੇ ਕਿਹਾ ਕਿ ਉਨ੍ਹਾਂ ਦੀ ਆਵਾਜ਼ ਨੇ ਕਈ ਦਹਾਕਿਆਂ ਤੱਕ ਸੰਗੀਤ ਪ੍ਰੇਮੀਆਂ ਦੇ ਦਿਲਾਂ 'ਤੇ ਅਮਿੱਟ ਛਾਪ ਛੱਡੀ ਹੈ। ਉਨ੍ਹਾਂ ਦੇ ਗੀਤ ਸਾਡੇ ਦਿਲਾਂ ਵਿੱਚ ਹਮੇਸ਼ਾ ਜ਼ਿੰਦਾ ਰਹਿਣਗੇ ਅਤੇ ਵਿਸ਼ਵ ਭਰ ਦੇ ਲੋਕਾਂ ਨੂੰ ਮੰਤਰਮੁਗਧ ਕਰਦੇ ਰਹਿਣਗੇ। ਸਪੀਕਰ ਸੰਧਵਾਂ ਨੇ ਕਿਹਾ ਕਿ ਉਨ੍ਹਾਂ ਨੂੰ ਆਸ਼ਾ ਭੌਂਸਲੇ ਦੇ ਦੇਹਾਂਤ ਦੀ ਖ਼ਬਰ ਸੁਣ ਕੇ ਬਹੁਤ ਦੁੱਖ ਹੋਇਆ ਅਤੇ ਉਨ੍ਹਾਂ ਨੇ ਪਰਮਾਤਮਾ ਅੱਗੇ ਵਿਛੜੀ ਆਤਮਾ ਦੀ ਸ਼ਾਂਤੀ ਲਈ ਅਰਦਾਸ ਕੀਤੀ।

ਉਨ੍ਹਾਂ ਅੱਗੇ ਕਿਹਾ ਕਿ ਪਰਮਾਤਮਾ ਇਸ ਦੁੱਖ ਦੀ ਘੜੀ ਵਿੱਚ ਇਸ ਕਦੇ ਨਾ ਪੂਰੇ ਹੋਣ ਵਾਲੇ ਘਾਟੇ ਨੂੰ ਸਹਿਣ ਕਰਨ ਲਈ ਦੁਖੀ ਪਰਿਵਾਰ ਨੂੰ ਬਲ ਬਖ਼ਸ਼ੇ।

## ਸੰਪਾਦਕੀ

# ਪੰਜਾਬ ਦੇ ਮਸਲਿਆਂ ਨੂੰ ਉਭਾਰੇ ਅਕਾਲੀ ਦਲ

ਸ਼੍ਰੋਮਣੀ ਅਕਾਲੀ ਦਲ ਦੀ ਬੜਕ ਕਦੇ ਦਿੱਲੀ ਤਖਤ ਦੀਆਂ ਚੂਲਾਂ ਹਿਲਾ ਦਿਆ ਕਰਦੀ ਸੀ ਪਰ 1996 ਤੋਂ ਭਾਰਤੀ ਜਨਤਾ ਪਾਰਟੀ ਨਾਲ ਕੀਤੀ ਸਾਂਝ ਭਿਆਲੀ ਅਕਾਲੀ ਦਲ ਨੂੰ ਏਨੀ ਮਹਿੰਗੀ ਪਵੇਗੀ ਕਿ ਅਕਾਲੀ ਦਲ ਦੇ ਦਿੱਗਜਾਂ ਨੂੰ ਖੁਦ ਨੂੰ ਵੀ ਇਹ ਇਲਮ ਨਹੀਂ ਸੀ। ਜਦੋਂ 1997 ਵਿਚ ਅਕਾਲੀ-ਭਾਜਪਾ ਗੱਠਜੋੜ ਦੀ ਪਹਿਲੀ ਵਾਰ ਸਰਕਾਰ ਬਣੀ ਤਾਂ ਉਸਦੇ ਸਮੁੱਚੀ ਕੈਬਨਿਟ ਵਿਚ ਦੋ ਮੰਤਰੀ ਸਨ। ਉਸ ਸਮੇਂ ਉਹ ਆਪਣੀ ਡਿਪਟੀ ਮੁੱਖ ਮੰਤਰੀ ਬਣਾਉਣ ਦੀ ਹਸਰਤ ਤਾਂ ਅੰਦਰਖਾਤ ਪਾਲਦੇ ਸਨ ਪਰ ਇਸ ਬਾਰੇ ਨਾ ਹੀ ਉਨ੍ਹਾਂ ਖੁੱਲਕੇ ਮੰਗ ਕੀਤੀ ਅਤੇ ਨਾ ਹੀ ਇਸਨੂੰ ਕਦੇ ਮੁੱਦਾ ਬਣਾਇਆ। 2017 ਵਿਚ ਅਕਾਲੀ ਭਾਜਪਾ ਗੱਠਜੋੜ ਸੱਤਾ ਤੋਂ ਬਾਹਰ ਹੋ ਗਿਆ। ਦੋਵਾਂ ਪਾਰਟੀਆਂ ਵਿਚ ਅੰਦਰਖਾਤੇ ਖੁਸਰ ਫੁਸਰ ਹੋਣੀ ਸ਼ੁਰੂ ਹੋ ਗਈ। ਇਸੇ ਦੌਰਾਨ ਬੇਅਦਬੀ ਦੀਆਂ ਘਟਨਾਵਾਂ ਮੌਕੇ ਵੀ ਭਾਜਪਾ ਨੇ ਚੁੱਪ ਧਾਰੀ ਰੱਖੀ ਅਤੇ ਕਿਸੇ ਕਿਸਮ ਦੀ ਬਿਆਨਬਾਜੀ ਕਰਨ ਤੋਂ ਗੁਰੇਜ ਹੀ ਕੀਤਾ। ਅਕਾਲੀ ਦਲ ਇਕੱਲਾ ਇਸ ਮਸਲੇ 'ਤੇ ਘਿਰਦਾ ਚਲਾ ਗਿਆ। ਇਸ ਉਪਰੰਤ ਕੇਂਦਰ ਦੀ ਮੋਦੀ ਸਰਕਾਰ ਨੇ ਤਿੰਨ ਖੇਤੀ ਬਿਲ ਲਿਆਂਦੇ ਅਤੇ ਉਨ੍ਹਾਂ ਵਿਰੁੱਧ ਇਤਿਹਾਸਕ ਵਿਰੋਧ ਉਭਰ ਕੇ ਸਾਹਮਣੇ ਆਇਆ। ਅਕਾਲੀ ਦਲ ਸ਼ੁਰੂ ਵਿਚ ਤਾਂ ਇਸ ਦੇ ਹੱਕ ਵਿਚ ਭੁਗਤਦਾ ਰਿਹਾ ਪਰ ਜਦੋਂ ਵਿਰੋਧ ਸਾਰੇ ਹੱਦਾਂ ਬੰਨੇ ਟੱਪ ਗਿਆ ਤਾਂ ਅਕਾਲੀ ਦਲ ਨੂੰ ਯੂ ਟਰਨ ਲੈਣ ਲਈ ਮਜਬੂਰ ਹੋਣਾ ਪਿਆ ਪਰ ਉਦੋਂ ਤਕ ਲੋਕਾਂ ਦੀ ਕਚਿਹਰੀ ਵਿਚ ਅਕਾਲੀ ਦਲ ਕਟਿਹਰੇ ਵਿਚ ਖੜ੍ਹਾ ਕੀਤਾ ਜਾ ਚੁੱਕਾ ਸੀ। ਭਾਵੇਂ ਉਸ ਤੋਂ ਉਪਰੰਤ ਆਪਣੀ ਕੇਂਦਰ ਵਿਚ ਫੂਡ ਪ੍ਰੋਸੈਸਿੰਗ ਰਾਜ ਮੰਤਰੀ ਬੀਬਾ ਹਰਸਿਮਰਤ ਕੌਰ ਬਾਦਲ ਤੋਂ ਅਸਤੀਫਾ ਵੀ ਦਵਾਇਆ ਪਰ ਇਸ ਨਾਲ ਵੀ ਲੋਕਾਂ ਖਾਸ ਤੌਰ 'ਤੇ ਸੰਘਰਸ਼ ਵਿਚ ਕੁੱਦੇ ਕਿਸਾਨਾਂ ਉਪਰ ਕੋਈ ਹਾਂ-ਪੱਖੀ ਪ੍ਰਭਾਵ ਨਾ ਪਿਆ। ਇਸ ਤੋਂ ਉਪਰੰਤ ਅਕਾਲੀ ਦਲ ਦਾ ਵੱਕਾਰ ਲਗਾਤਾਰ ਹਾਸ਼ੀਏ ਵੱਲ ਖਿਸਕਦਾ ਰਿਹਾ। ਹੈਰਾਨੀ ਤਾਂ ਉਦੋਂ ਹੋਈ ਜਦੋਂ 2022 ਦੀਆਂ ਵਿਧਾਨ ਸਭਾ ਚੋਣਾਂ ਵਿਚ ਅਕਾਲੀ ਦਲ ਦੋ ਦੇ ਹਿੰਦਸ਼ੇ ਤਕ ਵੀ ਨਾ ਪਹੁੰਚ ਸਕਿਆ। ਇਸ ਉਪਰੰਤ ਭਾਵੇਂ ਉਸਨੇ ਪ੍ਰਸਥਿਤੀਆਂ ਵਿਚੋਂ ਉਭਰਨ ਦੀਆਂ ਲਗਾਤਾਰ ਕੋਸ਼ਿਸ਼ਾਂ ਕੀਤੀਆਂ ਹਨ ਪਰ ਹਾਲੇ ਤਕ ਉਹ ਜਨਤਾ ਵਿਚ ਆਪਣੀ ਪੁਰਾਣੀ ਪੈਠ ਹਾਸਲ ਕਰਨ ਵਿਚ ਨਾਕਾਮਯਾਬ ਹੀ ਰਿਹਾ ਹੈ। ਜੇਕਰ ਅਕਾਲੀ ਦਲ ਦੇ ਪਿਛੋਕੜ 'ਤੇ ਝਾਤ ਮਾਰੀਏ ਤਾਂ ਉਸਦਾ ਪੰਜਾਬੀ ਸੂਬੇ ਬਾਰੇ ਕੀਤਾ ਸੰਘਰਸ਼, ਧਰਮ ਯੁੱਧ ਮੋਰਚਾ, ਕਦੇ ਚੰਡੀਗੜ੍ਹ, ਕਦੇ ਪੰਜਾਬੀ ਬੋਲਦੇ ਇਲਾਕਿਆਂ ਅਤੇ ਕਦੇ ਪੰਜਾਬ ਦੇ ਪਾਣੀਆਂ ਬਾਰੇ ਕੇਂਦਰ ਨੂੰ ਦਿੱਤੀ ਘੁਰਕੀ ਬਹੁਤ ਰੰਗ ਲਿਆਉਂਦੀ ਸੀ। ਅਸਲੀਅਤ ਬਾਰੇ ਗੱਲ ਕਰੀਏ ਤਾਂ ਉਦੋਂ ਪੁਰਾਣੇ ਟਕਸਾਲੀ ਆਗੂ ਵਿਚਾਰਧਾਰਕ ਵਖਰੇਵਿਆਂ ਦੇ ਬਾਵਜੂਦ ਵੀ ਅਕਾਲੀ ਦਲ ਦੀ ਮੂਲ ਹੋਂਦ ਨਾਲ ਬੱਝੇ ਹੋਏ ਸਨ ਪਰ ਮਰਹੂਮ ਪਰਕਾਸ਼ ਸਿੰਘ ਬਾਦਲ ਦੇ ਅਕਾਲ ਚਲਾਣੇ ਪਿੱਛੋਂ ਤਾਂ ਜਿਵੇਂ ਅਕਾਲੀ ਦਲ ਅਨਾਥ ਹੀ ਹੋ ਗਿਆ। ਇਕਸੁਰ ਹੋ ਕੇ ਫੈਸਲੇ ਲੈਣ ਅਤੇ ਕੇਂਦਰ ਨਾਲ ਮੜਿਕਣ ਦਾ ਉਸਦਾ ਹੌਸਲਾ ਹੀ ਪਸਤ ਹੋ ਕੇ ਰਹਿ ਗਿਆ। ਅਕਾਲੀ ਦਲ ਨੇ ਪਿਛਲੇ ਸਮੇਂ ਬੰਦੀ ਸਿੰਘਾਂ ਦੀ ਰਿਹਾਈ ਲਈ ਦਸਤਖ਼ਤ ਮੁਹਿੰਮ ਵੀ ਚਲਾਈ ਪਰ ਪੰਜਾਬ ਦੇ ਲੋਕ ਉਸ ਤੋਂ ਵੀ ਕੋਈ ਖਾਸ ਪ੍ਰਭਾਵਿਤ ਨਹੀਂ ਹੋਏ। ਉਹ ਸਵਾਲ ਕਰਦੇ ਹਨ ਕਿ ਜਦੋਂ ਕੇਂਦਰ ਵਿਚ ਵਾਜਪਾਈ ਅਤੇ ਮੋਦੀ ਦੀ ਸਰਕਾਰ ਵੇਲੇ ਅਕਾਲੀ ਦਲ ਨੇ ਇਸ ਗੰਭੀਰ ਮੁੱਦੇ ਸਬੰਧੀ ਕੋਈ ਚਾਰਜੋਈ ਨਹੀਂ ਕੀਤੀ ਤਾਂ ਫਿਰ ਹੁਣ ਤਾਕਤ ਖੁੱਸਣ ਉਪਰੰਤ ਅਕਾਲੀ ਦਲ ਨੂੰ ਬੰਦੀ ਸਿੰਘਾਂ ਦਾ ਹੇਜ ਕਿਉਂ ਆਉਣ ਲੱਗਾ ਹੈ। ਪ੍ਰਸਥਿਤੀਆਂ ਦਾ ਅਧਿਐਨ ਕਰੀਏ ਤਾਂ ਅਕਾਲੀ ਦਲ ਨੂੰ ਸਾਹਮਣੇ ਦੀਵਾਰ 'ਤੇ ਉਕਰਿਆ ਹੋਇਆ ਸਾਫ-ਸਾਫ ਪੜ੍ਹਨਾ ਹੋਵੇਗਾ। ਪਿਛਲੇ ਸਮੇਂ ਲੰਘੀਆਂ ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀ ਚੋਣਾਂ ਵਿਚ ਉਸਦਾ ਪ੍ਰਦਰਸ਼ਨ ਕਾਫੀ ਸੰਤੋਸ਼ਜਨਕ ਰਿਹਾ ਹੈ। ਹੁਣ ਵਕਤ ਆ ਗਿਆ ਹੈ ਕਿ ਉਸਨੂੰ ਆਤਮ ਮੰਥਨ ਕਰਦੇ ਹੋਏ ਪ੍ਰਭਾਵੀ ਲੀਡਰਸ਼ਿਪ ਨੂੰ ਅੱਗੇ ਕਰਨਾ ਹੋਵੇਗਾ। ਟਕਸਾਲੀ ਅਕਾਲੀ ਆਗੂਆਂ ਨੂੰ ਮੁੜ ਤੋਂ ਪਾਰਟੀ ਦੀਆਂ ਮੂਹਰਲੀਆਂ ਸਫ਼ਾਂ ਵਿਚ ਸ਼ਾਮਲ ਕਰਕੇ ਅਹਿਮ ਜ਼ਿੰਮੇਵਾਰੀਆਂ ਸੌਂਪਣੀਆਂ ਹੋਣਗੀਆਂ। ਘਰ-ਘਰ ਅਤੇ ਪਿੰਡ-ਪਿੰਡ ਪਹੁੰਚ ਬਣਾਉਣੀ ਹੋਵੇਗੀ। ਪੁਰਾਣੀਆਂ ਗਲਤੀਆਂ ਤੋਂ ਸਬਕ ਲੈ ਕੇ ਜਨਤਾ ਵਿਚ ਆਪਣੀ ਪੁਰਾਣੀ ਭਲ ਦੁਬਾਰਾ ਉਭਾਰਨੀ ਹੋਵੇਗੀ ਨਹੀਂ ਤਾਂ 2027 ਦੀਆਂ ਆ ਰਹੀਆਂ ਵਿਧਾਨ ਸਭਾ ਚੋਣਾਂ ਵਿਚ ਅਕਾਲੀ ਦਲ ਦੇ ਪ੍ਰਭਾਵਸ਼ਾਲੀ ਪ੍ਰਦਰਸ਼ਨ ਦਾ ਕਿਆਸ ਨਹੀਂ ਕੀਤਾ ਜਾ ਸਕਦਾ।

-ਜਗਜੀਤ ਸਿੰਘ ਦਰਦੀ

# ਵਿਸਾਖੀ: ਹੁਣ ਪੰਜਾਬ ਦੀ ਵਿਰਾਸਤੀ ਆਤਮਾ ਅਤੇ ਬਦਲਦੀ ਪਹਿਚਾਣ

## ਅੱਜ ਨਵੀਂ ਪੰਜਾਬੀ ਚੇਤਨਾ ਦੀ ਲੋੜ-ਜੋ ਧਰਮ, ਖੇਤੀ ਅਤੇ ਆਧੁਨਿਕਤਾ ਨੂੰ ਇੱਕਠਾ ਲੈ ਕੇ ਚੱਲੇ



ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਇਹ ਸਿਰਫ਼ ਇੱਕ ਤਿਉਹਾਰ ਨਹੀਂ, ਇੱਕ ਭਾਵਨਾ ਹੈ, ਇੱਕ ਇਤਿਹਾਸ ਹੈ, ਇੱਕ ਸੱਭਿਆਚਾਰਕ ਵਿਰਾਸਤ ਹੈ ਅਤੇ ਇੱਕ ਧਾਰਮਿਕ ਮਹਾਨ ਘਟਨਾ ਵੀ ਹੈ। ਪੰਜਾਬੀਆਂ ਲਈ ਇਹ ਰਬੀ ਫਸਲਾਂ ਦੀ ਵਾਢੀ, ਨਵੀਂ ਉਮੀਦ ਅਤੇ ਖਾਲਸਾ ਪੰਥ ਦੀ ਸਿਰਜਣਾ ਦਾ ਪਰਵ ਹੈ। ਅੱਜ ਦੇ ਇਸ ਦਿਨ ਧਰਤੀ ਸੋਨੇ ਵਾਂਗ ਲਹਿਰਾਉਂਦੀ ਹੈ, ਝੋਨੇ ਅਤੇ ਗੰਨੇ ਦੀਆਂ ਖੇਤੀਆਂ ਹਰਿਆਵਲ ਨਾਲ ਭਰੀਆਂ ਹੁੰਦੀਆਂ ਹਨ ਅਤੇ ਲੋਕ ਗੀਤ-ਗਾਇਕੀ, ਭੰਗੜਾ-ਗਿੱਧੇ ਅਤੇ ਨਗਰ ਕੀਰਤਨਾਂ ਨਾਲ ਖੁਸ਼ੀ ਮਨਾਉਂਦੇ ਹਨ। ਪਰ ਸਮੇਂ ਦੀ ਰਫ਼ਤਾਰ ਨੇ ਇਸ ਤਿਉਹਾਰ ਦੇ ਅਰਥਾਂ ਨੂੰ ਬਦਲ ਦਿੱਤਾ ਹੈ। ਇੱਕ ਵਾਰ ਜੋ ਖੇਤੀ ਅਤੇ ਧਰਮ ਨਾਲ ਜੁੜਿਆ ਸੀ, ਉਹ ਹੁਣ ਰਾਜਨੀਤੀ, ਆਰਥਿਕਤਾ, ਵਾਤਾਵਰਣੀ ਤਬਦੀਲੀ ਅਤੇ ਨਵੀਂ ਸੱਭਿਆਚਾਰਕ ਪਛਾਣ ਦਾ ਆਈਨਾ ਬਣ ਗਿਆ ਹੈ।

ਅੱਜ ਵਿਸਾਖੀ ਦੀ ਇਤਿਹਾਸਕ, ਧਾਰਮਿਕ ਅਤੇ ਸੱਭਿਆਚਾਰਕ ਜੜ੍ਹਾਂ ਤੋਂ ਲੈ ਕੇ ਆਧੁਨਿਕ ਪੰਜਾਬ ਵਿੱਚ ਇਸ ਦੀ ਬਦਲਦੀ ਪਹਿਚਾਣ ਤੱਕ ਦੀ ਯਾਤਰਾ ਨੂੰ ਵਿਸਥਾਰ ਨਾਲ ਵਿਚਾਰਾਂਗੇ। ਰਾਜਨੀਤੀ, ਆਰਥਿਕਤਾ, ਸੱਭਿਆਚਾਰ ਅਤੇ ਵਾਤਾਵਰਣੀ ਚੁਣੌਤੀਆਂ ਦੇ ਪ੍ਰਸੰਗ ਵਿੱਚ ਵਿਸਾਖੀ ਦੇ ਨਵੀਂ ਅਰਥਾਂ ਅਤੇ ਮਹੱਤਵ ਨੂੰ ਸਮਝਣ ਦੀ ਕੋਸ਼ਿਸ਼ ਕਰਾਂਗੇ।

ਅੱਜ ਪੰਜਾਬ ਦੀ ਆਤਮਾ ਨੂੰ ਛੂਹਣ ਵਾਲਾ ਅਤੇ ਭਵਿੱਖ ਵੱਲ ਇੱਕ ਚਿੰਤਨਸ਼ੀਲ ਨਜ਼ਰ ਹੈ। ਵਿਸਾਖੀ ਦੀ ਇਤਿਹਾਸਕ ਅਤੇ ਧਾਰਮਿਕ ਜੜ੍ਹਾਂਵਿਸਾਖੀ ਦਾ ਤਿਉਹਾਰ ਬਹੁਤ ਪੁਰਾਣਾ ਹੈ। ਇਹ ਵਿਕਰਮੀ ਸੰਮਤ ਦੇ ਵੈਸਾਖ ਮਹੀਨੇ ਦਾ ਪਹਿਲਾ ਦਿਨ ਹੈ, ਜੋ ਆਮ ਤੌਰ ਤੇ 13 ਅਪ੍ਰੈਲ ਨੂੰ ਆਉਂਦਾ ਹੈ। ਇਸ ਤੋਂ ਪਹਿਲਾਂ ਇਹ ਇੱਕ ਖੇਤੀਬਾੜੀ ਤਿਉਹਾਰ ਸੀ — ਰਬੀ ਫਸਲਾਂ (ਖਾਸ ਕਰਕੇ ਗੰਨੇ) ਦੀ ਬਾਢ ਦਾ ਸਮਾਂ। ਪੰਜਾਬ ਦੇ ਕਿਸਾਨ ਇਸ ਦਿਨ ਧੰਨਵਾਦੀ ਭਾਵਨਾ ਨਾਲ ਖੁਸ਼ੀ ਮਨਾਉਂਦੇ ਸਨ ਕਿਉਂਕਿ ਧਰਤੀ ਨੇ ਉਨ੍ਹਾਂ ਨੂੰ ਫਸਲਾਂ ਦਾ ਤੋਹਫ਼ਾ ਦਿੱਤਾ ਹੁੰਦਾ ਸੀ। ਇਸ ਨੂੰ ਹਿੰਦੂ ਭਾਈਚਾਰਾ ਵੀ ਬਸੋਆ ਜਾਂ ਮੇਸਾਦੀ ਵਜੋਂ ਮਨਾਉਂਦਾ ਸੀ ਪਰ 1699 ਵਿੱਚ ਗੁਰੂ ਗੋਬਿੰਦ ਸਿੰਘ ਜੀ ਨੇ ਇਸ ਤਿਉਹਾਰ ਨੂੰ ਇੱਕ ਨਵੀਂ ਧਾਰਮਿਕ ਅਤੇ ਇਤਿਹਾਸਕ ਉਚਾਈ ਬਖ਼ਸ਼ੀ। ਆਨੰਦਪੁਰ ਸਾਹਿਬ ਵਿਖੇ ਉਨ੍ਹਾਂ ਨੇ ਖਾਲਸਾ ਪੰਥ ਦੀ ਸਿਰਜਣਾ ਕੀਤੀ। ਪੰਜ ਪਿਆਰਿਆਂ (ਭਾਈ ਦਇਆ ਸਿੰਘ, ਧਰਮ ਸਿੰਘ, ਹਿਮਤ ਸਿੰਘ, ਮੁਹਕਮ ਸਿੰਘ ਅਤੇ ਸਾਹਿਬ ਸਿੰਘ) ਨੂੰ ਅੰਮ੍ਰਿਤ ਛੱਕ ਕੇ ਖਾਲਸਾ ਬਣਾਇਆ ਅਤੇ ਉਨ੍ਹਾਂ ਨੂੰ ਸਿੰਘ ਅਤੇ ਕੌਰ ਦੀ ਉਪਾਧੀ ਦਿੱਤੀ।

ਇਸ ਘਟਨਾ ਨੇ ਸਿੱਖ ਧਰਮ ਨੂੰ ਇੱਕ ਨਵੀਂ ਪਛਾਣ ਦਿੱਤੀ — ਬਰਾਬਰੀ, ਬਹਾਦਰੀ, ਨਿਆਂ ਅਤੇ ਗੁਰੂ ਦੀ ਆਗਿਆਕਾਰੀ ਦੀ ਪਛਾਣ। ਖਾਲਸਾ ਇੱਕ ਐਸੀ ਫੌਜ ਸੀ ਜੋ ਸੰਤ-ਸਿਪਾਹੀ ਦਾ ਆਦਰਸ਼ ਸੀ — ਧਰਮ ਦੀ ਰੱਖਿਆ ਲਈ ਤਿਆਰ ਅਤੇ ਅੰਦਰੋਂ ਪਵਿੱਤਰ।ਗੁਰੂ ਅਮਰ ਦਾਸ ਜੀ ਨੇ ਵੀ ਵਿਸਾਖੀ ਨੂੰ ਸਿੱਖਾਂ ਲਈ ਇੱਕ ਇਕੱਠ ਦਾ ਮੌਕਾ ਬਣਾਇਆ ਸੀ ਤਾਂ ਜੋ ਦੂਰ-ਦੁਰਾਡੇ ਵੱਸਦੇ ਸਿੱਖ ਇੱਕਠੇ ਹੋ ਸਕਣ। ਇਸ ਤਰ੍ਹਾਂ ਵਿਸਾਖੀ ਧਰਮ ਅਤੇ ਖੇਤੀ ਨੂੰ ਜੋੜਦਾ ਇੱਕ ਪੁਲ ਬਣ ਗਈ। ਇਸ ਦਿਨ ਗੁਰੂਦੁਆਰਿਆਂ ਵਿੱਚ ਅਖੰਡ ਪਾਠ, ਕੀਰਤਨ, ਨਗਰ ਕੀਰਤਨ, ਗਤਕਾ ਅਤੇ ਲੰਗਰ ਦਾ ਪ੍ਰਬੰਧ ਹੁੰਦਾ ਹੈ। ਲੋਕ ਨਵੀਂ ਉਮੀਦ ਨਾਲ ਆਪਣੀਆਂ ਫਸਲਾਂ ਲਈ ਅਰਦਾਸ ਕਰਦੇ ਹਨ।

ਵਿਸਾਖੀ ਅਤੇ ਪੰਜਾਬੀ ਸੱਭਿਆਚਾਰ ਦੇ ਨਰੋਏ ਪੱਖ ਨੂੰ ਵਿਚਾਰਦੇ ਪੰਜਾਬੀ ਸੱਭਿਆਚਾਰ ਵਿੱਚ ਵਿਸਾਖੀ ਇੱਕ ਵੱਡਾ ਉਤਸਵ ਹੈ। ਖੇਤਾਂ ਵਿੱਚ ਲਹਿਰਾਉਂਦੀਆਂ ਝੱਲੀਆਂ, ਭੰਗੜਾ-ਗਿੱਧੇ, ਟੱਕਰੀਆਂ, ਲੱਸੀ-ਪਿੰਡੀਆਂ ਅਤੇ ਤਾਜ਼ੀਆਂ ਫਸਲਾਂ ਦੀਆਂ ਖੁਸ਼ਬੂਆਂ — ਇਹ ਸਭ ਵਿਸਾਖੀ ਦੀ ਖਾਸੀਅਤ ਹਨ। ਇਸ ਦਿਨ ਲੋਕ ਆਪਣੇ ਰਿਸ਼ਤੇਦਾਰਾਂ ਨਾਲ ਮਿਲਦੇ ਹਨ, ਨਵੀਆਂ ਕੱਪੜਿਆਂ ਵਿੱਚ ਸਜਦੇ ਹਨ ਅਤੇ ਖੁਸ਼ੀਆਂ ਵੰਡਦੇ ਹਨ। ਇਹ ਤਿਉਹਾਰ ਪੰਜਾਬੀਆਂ ਦੀ ਉਮੰਗ, ਊਰਜਾ ਅਤੇ ਇਕੱਤਰਤਾ ਨੂੰ ਦਰਸਾਉਂਦਾ ਹੈ।ਪਰ ਇਸ ਤਿਉਹਾਰ ਨੇ ਸੱਭਿਆਚਾਰਕ ਤੌਰ ਤੇ ਵੀ ਬਹੁਤ ਵਿਕਾਸ ਕੀਤਾ ਹੈ।

ਅੱਜ ਵਿਦੇਸ਼ਾਂ ਵਿੱਚ ਵੱਸਦੇ ਪੰਜਾਬੀ ਵੀ ਵੱਡੀ ਗਿਣਤੀ ਵਿੱਚ ਵਿਸਾਖੀ ਮਨਾਉਂਦੇ ਹਨ — ਟੋਰਾਂਟੋ, ਵੈਨਕੂਵਰ, ਲੰਡਨ ਅਤੇ ਨਿਊਯਾਰਕ ਵਿੱਚ ਵੱਡੀਆਂ ਪਰੇਡਾਂ ਅਤੇ ਮੇਲੇ ਲੱਗਦੇ ਹਨ। ਇਹ ਪੰਜਾਬੀ ਪਛਾਣ ਨੂੰ ਵਿਸ਼ਵ ਪੱਧਰ ਤੱਕ ਲੈ ਕੇ ਜਾਂਦਾ ਹੈ।ਬਦਲਦਾ ਪੰਜਾਬ ਅਤੇ ਵਿਸਾਖੀ ਦੀ ਨਵੀਂ ਪਹਿਚਾਣਸਮੇਂ ਨਾਲ ਪੰਜਾਬ ਬਦਲਿਆ ਹੈ ਅਤੇ ਵਿਸਾਖੀ ਵੀ ਬਦਲੀ ਹੈ।

ਵਿਸਾਖੀ ਜੋ ਇੱਕ ਵਾਰ ਜੋ ਖੇਤੀਬਾੜੀ ਤਿਉਹਾਰ ਸੀ, ਉਹ ਹੁਣ ਰਾਜਨੀਤੀ ਦਾ ਵੱਡਾ ਮੀਡੀਆ ਇਵੈਂਟ ਬਣ ਗਿਆ ਹੈ। ਰਾਜਨੀਤਿਕ ਪਾਰਟੀਆਂ ਵਿਸਾਖੀ ਨੂੰ ਆਪਣੇ ਏਜੰਡੇ ਲਈ ਵਰਤਦੀਆਂ ਹਨ — ਚੋਣਾਂ ਤੋਂ ਪਹਿਲਾਂ ਵੱਡੀਆਂ ਰੈਲੀਆਂ, ਬਿਆਨਬਾਜ਼ੀ ਅਤੇ ਵਾਅਦੇ। ਖਾਲਸਾ ਪੰਥ ਦੀ ਬਰਾਬਰੀ ਅਤੇ ਇਨਸਾਫ਼ ਵਾਲਾ ਸੰਦੇਸ਼ ਅਕਸਰ ਰਾਜਨੀਤਿਕ ਭਾਸ਼ਣਾਂ ਵਿੱਚ ਗੂੰਜਦਾ ਹੈ। ਬਰਗਾੜੀ ਵਰਗੀਆਂ ਘਟਨਾਵਾਂ ਤੋਂ ਬਾਅਦ ਵਿਸਾਖੀ ਨੂੰ ਧਰਮੀ ਮੁੱਦਿਆਂ ਨਾਲ ਵੀ ਜੋੜਿਆ ਜਾਣ ਲੱਗਾ ਹੈ।

ਆਰਥਿਕ ਤੌਰ ਤੇ ਵੀ ਵਿਸਾਖੀ ਬਦਲੀ ਹੈ। ਗ੍ਰੀਨ ਰੈਵੋਲਿਊਸ਼ਨ ਨੇ ਪੰਜਾਬ ਨੂੰ ਭਾਰਤ ਦਾ ਅੰਨ-ਭੰਡਾਰ ਬਣਾਇਆ, ਪਰ ਹੁਣ ਖੇਤੀਬਾੜੀ ਸੰਕਟ ਵਿੱਚ ਹੈ। ਬਦਲਦਾ ਮੌਸਮ, ਭੂਗਰਭੀ ਜਲ ਦਾ ਘਾਟਾ, ਬਿਜਲੀ ਅਤੇ ਖਾਦਾਂ ਦੀਆਂ ਲਾਗਤਾਂ, ਕਰਜ਼ਾ ਅਤੇ ਆਤਮਹੱਤਿਆਵਾਂ ਨੇ ਕਿਸਾਨਾਂ ਦੀ ਜ਼ਿੰਦਗੀ ਨੂੰ ਚੁਣੌਤੀਪੂਰਨ ਬਣਾ ਦਿੱਤਾ ਹੈ। ਵਿਸਾਖੀ ਤੇ ਫਸਲਾਂ ਦੀ ਬਾਢ ਤੋਂ ਖੁਸ਼ੀ ਹੋਣੀ ਚਾਹੀਦੀ ਸੀ, ਪਰ ਅਕਸਰ ਇਹ ਚਿੰਤਾ ਅਤੇ ਅਨਿਸ਼ਚਿਤਤਾ ਵਾਲਾ ਦਿਨ ਬਣ ਗਿਆ ਹੈ।ਵਾਤਾਵਰਣੀ ਤਬਦੀਲੀ ਅਤੇ ਵਿਸਾਖੀਵਾਤਾਵਰਣੀ ਤਬਦੀਲੀ ਨੇ ਪੰਜਾਬੀ ਖੇਤੀਬਾੜੀ ਨੂੰ ਗੰਭੀਰ ਤੌਰ ਤੇ ਪ੍ਰਭਾਵਿਤ ਕੀਤਾ ਹੈ। ਗਰਮੀਆਂ ਵਧਣੀਆਂ, ਅਚਾਨਕ ਬਾਰਿਸ਼ਾਂ, ਹੜ੍ਹ ਅਤੇ ਸੋਕਾ — ਇਹ ਸਭ ਰਬੀ ਫਸਲਾਂ ਲਈ ਖ਼ਤਰਾ ਬਣ ਗਏ ਹਨ। ਪਿਛਲੇ ਸਾਲਾਂ ਵਿੱਚ ਹੜ੍ਹਾਂ ਨੇ ਵੱਡੀਆਂ ਫਸਲਾਂ ਤਬਾਹ ਕੀਤੀਆਂ ਹਨ।

ਅੱਜ ਇਸ ਨਾਲ ਵਿਸਾਖੀ ਦਾ ਖੇਤੀਬਾੜੀ ਪਹਿਲੂ ਕਮਜ਼ੋਰ ਹੋ ਰਿਹਾ ਹੈ। ਕਿਸਾਨ ਹੁਣ ਫਸਲਾਂ ਲਈ ਰੱਬ ਤੋਂ ਵਧ ਕੇ ਵਾਤਾਵਰਣੀ ਤਬਦੀਲੀ ਤੋਂ ਬਚਾਅ ਲਈ ਪ੍ਰਾਰਥਨਾ ਕਰਦੇ ਹਨ। ਇਸ ਨੇ ਵਿਸਾਖੀ ਨੂੰ ਇੱਕ ਨਵਾਂ ਅਰਥ ਦਿੱਤਾ ਹੈ — ਧਰਤੀ ਦੀ ਰੱਖਿਆ ਅਤੇ ਟਿਕਾਊ ਖੇਤੀਬਾੜੀ ਦਾ ਸੰਦੇਸ਼।ਆਰਥਿਕਤਾ ਅਤੇ ਨਵੀਂ ਸੱਭਿਆਚਾਰਕ ਪਛਾਣ ਆਧੁਨਿਕ ਪੰਜਾਬ ਵਿੱਚ ਵਿਸਾਖੀ ਆਰਥਿਕ ਤੌਰ ਤੇ ਵੀ ਮਹੱਤਵਪੂਰਨ ਹੈ। ਇਸ ਤਿਉਹਾਰ ਨਾਲ ਟੂਰਿਜ਼ਮ, ਰਿਟੇਲ, ਹੋਟਲਾਂ ਅਤੇ ਲੋਕਲ ਕਰਾਫਟਸ ਨੂੰ ਉਤਸ਼ਾਹ ਮਿਲਦਾ ਹੈ। ਵਿਦੇਸ਼ੀ ਪੰਜਾਬੀ ਵਾਪਸ ਆਉਂਦੇ ਹਨ ਅਤੇ ਆਰਥਿਕ ਗਤੀਵਿਧੀ ਵਧਦੀ ਹੈ ਪਰ ਇਸ ਦੇ ਨਾਲ ਹੀ ਖੇਤੀਬਾੜੀ ਤੋਂ ਇਲਾਵਾ ਹੋਰ ਖੇਤਰਾਂ ਵੱਲ ਵੀ ਧਿਆਨ ਦੇਣ ਦੀ ਲੋੜ ਹੈ।

ਅੱਜ ਸੱਭਿਆਚਾਰਕ ਤੌਰ ਤੇ ਵਿਸਾਖੀ ਹੁਣ ਯੁਵਕਾਂ ਲਈ ਇੱਕ ਫੈਸ਼ਨ ਅਤੇ ਐਂਟਰਟੇਨਮੈਂਟ ਵਾਲਾ ਇਵੈਂਟ ਵੀ ਬਣ ਰਿਹਾ ਹੈ। ਸੋਸ਼ਲ ਮੀਡੀਆ ਤੇ ਰੀਲਾਂ, ਡਾਂਸ ਅਤੇ ਫੋਟੋਆਂ ਨਾਲ ਇਸ ਨੂੰ ਗਲੋਬਲ ਬ੍ਰਾਂਡ ਬਣਾਇਆ ਜਾ ਰਿਹਾ ਹੈ। ਇਸ ਵਿੱਚ ਇੱਕ ਖੂਬਸੂਰਤੀ ਹੈ, ਪਰ ਇਸ ਨਾਲ ਇਸ ਦੀ ਧਾਰਮਿਕ ਅਤੇ ਇਤਿਹਾਸਕ ਗਹਿਰਾਈ ਘੱਟ ਨਾ ਹੋ ਜਾਵੇ ਇਸ ਲਈ ਚੇਤਾਵਨੀ ਵੀ ਜ਼ਰੂਰੀ ਹੈ। ਅੱਜ ਨਵੇਂ ਪੰਜਾਬ ਵਿੱਚ ਵਿਸਾਖੀ ਦਾ ਮਹੱਤਵ ਹੋਰ ਵਿਸਤਾਰ ਨਾਲ ਵੇਖਦਿਆਂ ਨਵੇਂ ਪੰਜਾਬ ਵਿੱਚ ਵਿਸਾਖੀ ਇੱਕ ਤਿਉਹਾਰ ਤੋਂ ਵਧ ਕੇ ਇੱਕ ਚਿੰਤਨ ਦਾ ਮੌਕਾ ਬਣ ਗਈ ਹੈ। ਇਹ ਸਾਨੂੰ ਯਾਦ ਦਿਵਾਉਂਦੀ ਹੈ ਕਿ ਅਸੀਂ ਖਾਲਸਾ ਦੀ ਵਿਰਾਸਤ ਦੇ ਵਾਰਸ ਹਾਂ — ਬਰਾਬਰੀ, ਇਨਸਾਫ਼ ਅਤੇ ਸੇਵਾ ਦੇ ਵਾਰਸ। ਇਸ ਵਿੱਚ ਰਾਜਨੀਤੀ ਨੂੰ ਧਰਮ ਤੋਂ ਵੱਖ ਰੱਖਣ, ਖੇਤੀਬਾੜੀ ਨੂੰ ਟਿਕਾਊ ਬਣਾਉਣ, ਯੁਵਕਾਂ ਨੂੰ ਰੋਜ਼ਗਾਰ ਦੇਣ ਅਤੇ ਵਾਤਾਵਰਣ ਦੀ ਰੱਖਿਆ ਕਰਨ ਦਾ ਸੰਦੇਸ਼ ਹੈ।ਵਿਸਾਖੀ ਹੁਣ ਸਿਰਫ਼ ਗਤੀ ਵਾਲੀ ਖੁਸ਼ੀ ਨਹੀਂ, ਬਲਕਿ ਇੱਕ ਗੰਭੀਰ ਚਿੰਤਨ ਵੀ ਹੈ — ਪੰਜਾਬ ਕਿਵੇਂ ਆਪਣੀ ਵਿਰਾਸਤ ਨੂੰ ਬਚਾਉਂਦਾ ਹੋਇਆ ਭਵਿੱਖ ਵੱਲ ਵਧੇ?

ਇਸ ਲਈ ਲੋੜ ਹੈ ਇੱਕ ਨਵੀਂ ਖਾਲਸਾਈ ਪੰਜਾਬੀ ਚੇਤਨਾ ਦੀ — ਜੋ ਧਰਮ, ਖੇਤੀ ਅਤੇ ਆਧੁਨਿਕਤਾ ਨੂੰ ਇੱਕਠਾ ਲੈ ਕੇ ਚੱਲੇ।ਅੰਤ ਵਿੱਚ, ਵਿਸਾਖੀ ਇੱਕ ਯਾਦ ਦਿਵਾਉਂਦੀ ਹੈ ਕਿ ਜਿਵੇਂ ਗੁਰੂ ਗੋਬਿੰਦ ਸਿੰਘ ਜੀ ਨੇ ਇੱਕ ਨਵੀਂ ਸਿਰਜਣਾ ਕੀਤੀ, ਉਸੇ ਤਰ੍ਹਾਂ ਅਸੀਂ ਵੀ ਨਵੇਂ ਪੰਜਾਬ ਦੀ ਸਿਰਜਣਾ ਕਰ ਸਕਦੇ ਹਾਂ — ਇੱਕ ਖੁਸ਼ਹਾਲ, ਇਨਸਾਫ਼ਪਸੰਦ ਅਤੇ ਵਾਤਾਵਰਣ-ਅਨੁਕੂਲ ਪੰਜਾਬ। ਵਿਸਾਖੀ ਦੀਆਂ ਲਹਿਰਾਂ ਫਿਰ ਲਹਿਰਾਉਣ। ਬੋਲੇ ਸੋ ਨਿਹਾਲ, ਸਤਿ ਸ੍ਰੀ ਅਕਾਲ!

## ਦਸਤਾਰ ਦਿਵਸ 'ਤੇ ਵਿਸ਼ੇਸ਼

# ਸਿੱਖ ਦੇ ਪਹਿਰਾਵੇ ਦਾ ਅਹਿਮ ਅੰਗ ਦਸਤਾਰ



ਭਗਵਾਨ ਸਿੰਘ ਜੌਹਲ
ਮੋ. 98143-24040

ਅੱਜ ਸਿੱਖ ਧਰਮ ਵਿੱਚ ਵਿਸ਼ਵਾਸ ਰੱਖਣ ਵਾਲੇ ਦਸਤਾਰ ਧਾਰੀ ਲੋਕ ਸਮੁੱਚੇ ਵਿਸ਼ਵ ਵਿੱਚ ਫੈਲੇ ਹੋਏ ਹਨ। ਅਸਲ ਵਿੱਚ ਵਿਸ਼ਵ ਦੇ ਛੋਟੇ-ਵੱਡੇ ਧਰਮਾਂ ਵਿੱਚੋਂ ਸਿੱਖ ਧਰਮ ਸੰਸਾਰ ਦਾ ਵਿਲੱਖਣ ਅਤੇ ਵੱਖਰੀ ਪਹਿਚਾਨ ਰੱਖਣ ਵਾਲਾ ਧਰਮ ਹੈ। ਸਿੱਖ ਦੇ ਪਹਿਰਾਵੇ ਵਿੱਚ ਦਸਤਾਰ ਦਾ ਵਿਸ਼ੇਸ ਸਥਾਨ ਹੈ। ਅੱਜ ਜਦੋਂ ਸਿੱਖ ਧਰਮ ਵਿਸ਼ਵ ਵਿਆਪੀ ਹੋ ਚੁੱਕਾ ਹੈ ਤਾਂ ਵੱਖ-ਵੱਖ ਦੇਸ਼ਾਂ ਵਿੱਚ ਵੱਖ-ਵੱਖ ਚੁਣੌਤੀਆਂ ਵਿੱਚੋਂ ਸਾਡੀ ਦਸਤਾਰ ਲਈ ਪੈਦਾ ਹੋ ਰਹੀਆਂ ਸਮੱਸਿਆਵਾਂ ਕਰਕੇ ਸਮੁੱਚੀ ਦੁਨੀਆਂ ਦੇ ਮੀਡੀਆ ਵਿੱਚ ਵੱਖ-ਵੱਖ ਭਾਸ਼ਾਵਾਂ ਵਿੱਚ ਸਮੇਂ-ਸਮੇਂ ਖ਼ਬਰਾਂ ਛੱਪਦੀਆਂ ਰਹਿੰਦੀਆਂ ਹਨ, ਭਾਵੇਂ ਏਸ਼ੀਆ ਦੇ ਬਹੁਤ ਸਾਰੇ ਦੇਸ਼ਾਂ ਵਿੱਚ ਦੂਸਰੇ ਧਰਮਾਂ ਦੇ ਲੋਕ ਵੀ ਦਸਤਾਰ ਜਾਂ ਪਗੜੀ ਧਾਰਨ ਕਰਕੇ ਆਪਣੀ ਵੱਖਰੀ ਪਹਿਚਾਣ ਕਰਕੇ ਜਾਣੇ ਜਾਂਦੇ ਹਨ। ਗੁਰੂ ਕਾਲ ਵਿੱਚ ਸਾਰੇ ਗੁਰੂ ਸਾਹਿਬਾਨ ਅਤੇ ਗੁਰੂ ਨਾਨਕ ਲੇਵਾ ਸਿੱਖ ਦਸਤਾਰ ਧਾਰਨ ਕਰਦੇ ਸਨ। ਸਰਬੰਸਦਾਨੀ ਪਿਤਾ ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ 1699 ਈ: ਦੀ ਵੈਸਾਖੀ ਦੇ ਪਾਵਨ ਅਵਸਰ 'ਤੇ ਪੰਜਾਂ ਪਿਆਰਿਆਂ ਨੂੰ ਅੰਮ੍ਰਿਤ ਛਕਾਉਣ ਦੀ ਵਿਲੱਖਣ ਘਟਨਾ ਸਮੇਂ ਦਸਤਾਰ ਨੂੰ ਸਿੱਖਾਂ ਦੇ ਅਤਿ ਜ਼ਰੂਰੀ ਪਹਿਰਾਵੇ ਦਾ ਅੰਗ ਬਣਾ ਦਿੱਤਾ। ਦਸਤਾਰ ਹੀ ਹੈ, ਜਿਹੜੀ ਪੰਜਾਂ ਕਕਾਰਾਂ ਵਿੱਚੋਂ ਕੇਸਾਂ ਦੀ ਸੰਭਾਲ ਲਈ ਪਹਿਨਣ ਵਾਲੇ ਬਸਤਰਾਂ ਵਿੱਚ ਅਹਿਮ ਸਥਾਨ ਰੱਖਦੀ ਹੈ। ਇਸ ਦਸਤਾਰ ਤੋਂ ਬਿਨਾਂ ਸਿੱਖ ਦਾ ਸਰੂਪ ਕਿਆਸਿਆ ਵੀ ਨਹੀਂ ਜਾ ਸਕਦਾ। ਸੌਣ ਸਮੇਂ ਜਾਂ ਅਰਾਮ ਕਰਨ ਸਮੇਂ ਛੋਟੀ ਦਸਤਾਰ ਸਜਾਉਣਾ ਸਿੱਖ ਲਈ ਲਾਜ਼ਮੀ ਹੈ, ਜਿਸ ਨੂੰ ਕੇਸਕੀ ਦਾ ਨਾਂਅ ਦਿੱਤਾ ਗਿਆ ਹੈ। ਆਮ ਤੌਰ 'ਤੇ ਅੰਮ੍ਰਿਤਧਾਰੀ ਸਿੱਖ ਦਸਤਾਰ ਦੇ ਹੇਠਾਂ ਕੇਸਕੀ ਸਜਾਉਂਦੇ ਹਨ। ਭਾਵੇਂ ਇਸ ਖਿੱਤੇ ਦੇ ਕੁਝ ਦੇਸ਼ਾਂ ਵਿੱਚ ਸਿਰ ਨੂੰ ਢੱਕਣ ਲਈ ਮੁੱਢ-ਕਦੀਮ ਤੋਂ ਪਗੜੀ ਦੀ ਵਰਤੋਂ ਹੁੰਦੀ ਆਈ ਹੈ। ਪਰ ਆਰੀਆ ਸੱਭਿਅਤਾ ਦੇ ਲੋਕਾਂ ਵਿੱਚ ਪਗੜੀ ਬੰਨਣ ਦਾ ਰਿਵਾਜ਼ ਬਹੁਤ ਪੁਰਾਣਾ ਹੈ। ਪੰਜਾਬ ਦੀ ਸੱਭਿਅਤਾ ਵਿੱਚ ਦਸਤਾਰ ਧਾਰਨ ਕਰਨੀ ਸਾਡੇ ਸਮਾਜ ਅਤੇ ਸੱਭਿਆਚਾਰ ਦਾ ਹਿੱਸਾ ਰਿਹਾ ਹੈ। ਹਰ ਧਰਮ ਤੇ ਜਾਤ ਦੇ ਲੋਕ ਦਸਤਾਰ ਸਜਾਉਂਦੇ ਰਹੇ ਹਨ।

ਸਾਡੀ ਪੰਜਾਬੀ ਭਾਸ਼ਾ ਦੇ ਮੁਹਾਵਰਿਆਂ, ਲੋਕ-ਅਖਾਣਾਂ ਅਤੇ ਵਿਰਾਸਤੀ ਲੋਕ ਗੀਤਾਂ, ਸ਼ੈਲੀਆਂ ਵਿੱਚ ਦਸਤਾਰ, ਪੱਗ, ਪਗੜੀ ਦੀ ਅਹਿਮੀਅਤ ਵੀ ਓਨੀ ਹੀ ਪੁਰਾਣੀ ਹੈ, ਜਿੰਨੀ ਸਾਡੀ ਭਾਸ਼ਾ ਅਤੇ ਮਾਂ-ਬੋਲੀ ਦੇ ਜਨਮ ਦੀ ਗਾਥਾ। ਜਦੋਂ ਅੰਗ੍ਰੇਜ਼ਾਂ ਨੇ ਭਾਰਤ ਵਿੱਚ ਪ੍ਰਵੇਸ਼ ਕੀਤਾ ਤਾਂ ਅੰਗ੍ਰੇਜ਼ੀ ਸੱਭਿਆਚਾਰ ਨੇ ਦਸਤਾਰ ਨੂੰ ਕੇਵਲ ਸਿੱਖ ਸਮਾਜ ਤੱਕ ਹੀ ਸੀਮਤ ਕਰ ਦਿੱਤਾ। ਅਸੀਂ ਅੱਜ ਵੀ ਦੇਖਦੇ ਹਾਂ ਕਿ ਹਿੰਦੂ ਸਮਾਜ ਵਿੱਚ ਖੁਸ਼ੀ ਜਾਂ ਗ਼ਮੀ ਦੇ ਸਮਾਗਮਾਂ ਵਿੱਚ ਪਗੜੀ ਬੰਨ੍ਹਣ ਦਾ ਰਿਵਾਜ਼ ਵੀ ਬਾ-ਦਸਤੂਰ ਚੱਲ ਰਿਹਾ ਹੈ। ਕਿਸੇ ਬਜ਼ੁਰਗ ਦੀ ਮੌਤ ਤੋਂ ਪਿੱਛੋਂ ਉਸ ਦੇ ਪੁੱਤਰ ਨੂੰ ਦਸਤਾਰ ਜਾਂ ਪਗੜੀ ਸਮਾਜਿਕ ਜ਼ਿੰਮੇਵਾਰੀ ਨੂੰ ਸੰਭਾਲਣ ਦੇ ਚਿੰਨ ਵਜੋਂ ਦਿੱਤੀ ਜਾਂਦੀ ਹੈ।



ਦੂਜੇ ਵੱਡੇ ਸੰਸਾਰ ਯੁੱਧ (1939 ਤੋਂ 1944) ਸਮੇਂ ਅੰਗ੍ਰੇਜ਼ਾਂ ਦੇ ਅਧੀਨ ਲੜ ਰਹੇ ਸਿੱਖ ਫੌਜੀਆਂ ਨੂੰ ਲੋਹ-ਟੋਪ ਪਾਉਣ ਦੇ ਆਦੇਸ਼ ਅੰਗ੍ਰੇਜ਼ੀ ਹਕੂਮਤ ਵੱਲੋਂ ਦਿੱਤੇ ਗਏ ਸਨ। ਵੱਡੀ ਗਿਣਤੀ ਵਿੱਚ ਜਾਨੀ ਨੁਕਸਾਨ ਨੂੰ ਘੱਟ ਕਰਨ ਦੇ ਡਰ ਵਜੋਂ ਅਜਿਹਾ ਲਾਜ਼ਮੀ ਕੀਤਾ ਗਿਆ ਸੀ। ਭਾਰਤ ਵਿੱਚ ਰਾਜ ਕਰ ਰਹੀ ਬਰਤਾਨਵੀ ਸਰਕਾਰ ਨੇ ਤਾਂ ਇਥੋਂ ਤੱਕ ਕਹਿ ਦਿੱਤਾ ਸੀ ਕਿ ਅਸੀਂ ਏਨਾ ਜਾਨੀ ਨੁਕਸਾਨ ਹੋਣ 'ਤੇ ਸਿੱਖ ਫੌਜੀਆਂ ਦੀਆਂ ਵਿਧਵਾਵਾਂ ਨੂੰ ਪੈਨਸ਼ਨ ਦੇਣ ਦਾ ਬੋਝ ਨਹੀਂ ਚੁੱਕ ਸਕਦੇ। ਪਰ ਇਸ ਤੋਂ ਉਲਟ ਸਾਡੇ ਸਾਰੇ ਸਿੱਖ ਫੌਜੀ ਜਵਾਨਾਂ ਅਤੇ ਅਫ਼ਸਰਾਂ ਨੇ ਇਸ ਗੱਲ ਨੂੰ ਪ੍ਰਵਾਨ ਕਰ ਲਿਆ ਕਿ ਜਦੋਂ ਕਿਸੇ ਦਸਤਾਰ ਧਾਰੀ ਜਵਾਨ ਦੀ ਮੌਤ ਸਿਰ ਵਿੱਚ ਗੋਲੀ ਲੱਗਣ ਨਾਲ ਹੋਵੇਗੀ ਤਾਂ ਉਸ ਦੀ ਵਿਧਵਾ ਤੇ ਪਰਿਵਾਰਕ ਪੈਨਸ਼ਨ ਨਹੀਂ ਲਈ ਜਾਵੇਗੀ। ਸਮੁੱਚਾ ਦੂਜਾ ਵਿਸ਼ਵ ਯੁੱਧ ਬਿਨਾਂ ਲੋਹ-ਟੋਪ ਪਹਿਨਣ ਤੋਂ ਦਸਤਾਰਾਂ ਸਜਾ ਕੇ ਲੜਿਆ। ਸਿੱਖੀ ਸਿਦਕ ਲਈ ਦਸਤਾਰ ਦੀ ਅਹਿਮੀਅਤ ਤੇ ਪਹਿਚਾਣ ਦੀ ਖ਼ਾਤਰ ਜ਼ਿੰਦਗੀ ਦਾ ਬਲੀਦਾਨ ਤੇ ਸ਼ਹਾਦਤ ਦਾ ਜਾਮ ਪੀਣ ਨੂੰ ਪਹਿਲ ਦਿੱਤੀ। ਪਰਿਵਾਰਾਂ ਦੀ ਆਰਥਿਕ ਤੰਗੀ ਨੂੰ ਤਾਂ ਜਰ ਲਵਾਂਗੇ, ਪਰ ਦਸਤਾਰ ਨੂੰ ਆਂਚ ਨਹੀਂ ਲੱਗਣ ਦੇਣੀ। ਸਾਡੇ ਸਿੱਖ ਜਵਾਨ ਇਹ ਭਲੀ ਭਾਂਤ ਇਸ ਗੱਲ ਨੂੰ ਸਮਝਦੇ ਸਨ ਕਿ ਵਿਸ਼ਵ ਭਰ ਦੇ ਦੇਸ਼ਾਂ ਵਿੱਚ ਸਾਡੀ ਪਹਿਚਾਣ ਦਸਤਾਰ ਕਰਕੇ ਹੀ ਬਣਦੀ ਹੈ।

ਡਾ: ਰਤਨ ਸਿੰਘ ਜੱਗੀ ਸਿੱਖ ਵਿਸ਼ਵ ਕੋਸ਼ ਵਿੱਚ ਇਸ ਗੱਲ ਦੀ ਗਵਾਹੀ ਭਰਦੇ ਹਨ ਕਿ ਹੁਣ ਤੱਕ ਹੋਏ ਦੋਵਾਂ ਵਿਸ਼ਵ ਯੁੱਧਾਂ ਦੌਰਾਨ 83055 ਦਸਤਾਰ ਧਾਰੀ ਸਿੱਖਾਂ ਨੇ ਸ਼ਹਾਦਤ ਦਾ ਜਾਮ ਪੀਤਾ ਅਤੇ ਦੋਵਾਂ ਲੜਾਈਆਂ ਦੌਰਾਨ ਅੰਗ੍ਰੇਜ਼ੀ ਹਕੂਮਤ ਨੇ ਜੰਗ ਦੀ ਭੱਠੀ ਵਿੱਚ ਬਾਲਣ ਵਜੋਂ ਦਸਤਾਰਧਾਰੀ ਫੌਜੀਆਂ ਦੀ ਅਹੂਤੀ ਦਿੱਤੀ। ਦੋਵਾਂ ਵਿਸ਼ਵ ਯੁੱਧਾਂ ਦੌਰਾਨ 1,09,045 ਸਿੱਖ ਜਵਾਨ ਜ਼ਖਮੀ ਹੋਏ ਸਨ। ਸਾਡੇ ਪੁਰਖਿਆਂ ਦੀ ਇਹ ਗਾਥਾ ਦਸਤਾਰ ਪਹਿਨਣ ਵਾਲੇ ਸਿੱਖਾਂ ਲਈ ਮਾਣ ਵਾਲੀ ਗੱਲ ਨਹੀਂ। ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ ਮੁਤਾਬਿਕ ਵਰਤਮਾਨ ਸਮੇਂ ਵਿੱਚ ਖ਼ਾਲਸਾ ਸਾਜਨਾ ਦਿਵਸ ਨੂੰ ਸਿੱਖ ਦਸਤਾਰ ਦਿਵਸ ਵਜੋਂ ਮਨਾਉਣਾ ਦਸਤਾਰ ਸਿੱਖ ਦੇ ਪਹਿਰਾਵੇ ਦੇ ਅਹਿਮ ਅੰਗ ਦਾ ਸੁਨੇਹਾ ਦਿੰਦਾ ਹੈ। ਅਸੀਂ ਰੋਜ਼ਾਨਾ ਪੜ੍ਹਦੇ ਸੁਣਦੇ ਹਾਂ, ਸਾਡੇ ਪ੍ਰਵਾਸੀ ਭਾਰਤੀ ਸਿੱਖ ਵੀਰਾਂ ਨੂੰ ਅੱਜ ਵੀ ਦਸਤਾਰ ਸਿੱਖੀ ਦੇ ਵੱਕਾਰ ਦਾ ਮਸਲਾ ਬਣ ਜਾਂਦਾ ਹੈ। ਬਹੁਤ ਸਾਰੇ ਦੇਸ਼ਾਂ ਵਿੱਚ ਸਿੱਖਾਂ ਨੂੰ ਦਸਤਾਰ ਸਜਾ ਕੇ ਨੌਕਰੀ ਜਾਂ ਹੋਰ ਕਾਰੋਬਾਰ ਕਰਨ ਦੀ ਇਜਾਜ਼ਤ ਮਿਲੀ ਹੋਈ ਹੈ। ਪਰ ਦਸਤਾਰ ਲਈ ਸੰਘਰਸ਼ ਅਜੇ ਵੀ ਜਾਰੀ ਹੈ।

ਬਹੁਤ ਸਾਰੇ ਦੇਸ਼ਾਂ ਵਿੱਚ ਸਿੱਖ ਭੈਣਾਂ-ਵੀਰਾਂ ਨੂੰ ਦੋਪਹੀਆ ਸਵਾਰੀ ਨੂੰ ਚਲਾਉਣ ਸਮੇਂ ਲੋਹ-ਟੋਪ ਪਹਿਨਣ ਤੋਂ ਛੋਟ ਮਿਲੀ ਹੋਈ ਹੈ। ਪਰ ਇਸ ਚੱਲ ਰਹੇ ਸੰਘਰਸ਼ ਦੌਰਾਨ ਦਸਤਾਰ ਦੀ ਸਰਵਉੱਚਤਾ ਨੂੰ ਪ੍ਰਵਾਨ ਕਰਕੇ ਹਰ ਸਿੱਖ ਨੂੰ ਆਪਣੇ ਫਰਜ਼ਾਂ ਤੇ ਕਰਤਵਾਂ ਨੂੰ ਸਮਝਣਾ ਪਵੇਗਾ। ਸਿੱਖ ਦਸਤਾਰ ਦਿਵਸ ਸਮੇਂ ਸੁੰਦਰ ਦਸਤਾਰ-ਦੁਮਾਲਾ ਮੁਕਾਬਲੇ ਕਰਵਾ ਰਹੀਆਂ ਸੰਸਥਾਵਾਂ, ਸਭਾ, ਸੁਸਾਇਟੀਆਂ ਨੂੰ ਹੋਰ ਵਧੇਰੇ ਉਤਸ਼ਾਹ ਤੇ ਲਗਨ ਨਾਲ ਦਸਤਾਰ ਦੀ ਪਹਿਚਾਣ ਲਈ ਗਹਿਰ ਗੰਭੀਰ ਯਤਨ ਕਰਨੇ ਪੈਣਗੇ।

## ਜਲਿਆਂਵਾਲਾ ਬਾਗ ਸਾਕਾ

# ਭਾਰਤੀ ਅਣਖ, ਬਰਤਾਨਵੀ ਜ਼ੁਲਮ ਅਤੇ ਆਜ਼ਾਦੀ ਦੇ ਸੰਕਲਪ ਦਾ ਸਭ ਤੋਂ ਖੂਨੀ ਤੇ ਨਿਰਣਾਇਕ ਮੋੜ



ਵਿੰਕਲਜੀਤ ਸਿੰਘ ਸਰਾ
9501477889

ਭਾਰਤੀ ਰਾਸ਼ਟਰਵਾਦ ਦਾ ਉਦੈ ਅਤੇ ਬਰਤਾਨਵੀ ਸਾਮਰਾਜ ਦੀਆਂ ਚੁਣੌਤੀਆਂ : ਵੀਹਵੀਂ ਸਦੀ ਦੇ ਸ਼ੁਰੂਆਤੀ ਦਹਾਕਿਆਂ ਵਿੱਚ ਭਾਰਤੀ ਉਪ-ਮਹਾਂਦੀਪ ਅੰਦਰ ਇੱਕ ਅਜਿਹੀ ਰਾਜਨੀਤਿਕ ਚੇਤਨਾ ਪੈਦਾ ਹੋ ਰਹੀ ਸੀ ਜਿਸ ਨੇ ਅੰਗਰੇਜ਼ੀ ਹਕੂਮਤ ਦੀਆਂ ਨੀਂਹਾਂ ਹਿਲਾ ਦਿੱਤੀਆਂ ਸਨ। ਸੰਨ 1857 ਦੇ ਗਦਰ ਤੋਂ ਬਾਅਦ ਅੰਗਰੇਜ਼ਾਂ ਨੇ ਭਾਵੇਂ ਸੱਤਾ @ਤੇ ਪਕੜ ਮਜ਼ਬੂਤ ਕਰ ਲਈ ਸੀ ਪਰ ਲੋਕਾਂ ਦੇ ਮਨਾਂ ਵਿੱਚ ਦਬੀ ਹੋਈ ਆਜ਼ਾਦੀ ਦੀ ਚਿਣਗ ਪੂਰੀ ਤਰ੍ਹਾਂ ਬੁਝੀ ਨਹੀਂ ਸੀ। 1885 ਵਿੱਚ ਇੰਡੀਅਨ ਨੈਸ਼ਨਲ ਕਾਂਗਰਸ ਦੀ ਸਥਾਪਨਾ ਨੇ ਇਸ ਚੇਤਨਾ ਨੂੰ ਇੱਕ ਸੰਸਥਾਗਤ ਰੂਪ ਦਿੱਤਾ। ਜਿਵੇਂ-ਜਿਵੇਂ ਸਮਾਂ ਬੀਤਿਆ, ਬਾਲ ਗੰਗਾਧਰ ਤਿਲਕ ਵਰਗੇ ਗਰਮ ਦਲ ਦੇ ਨੇਤਾਵਾਂ ਅਤੇ ਬਾਅਦ ਵਿੱਚ ਮਹਾਤਮਾ ਗਾਂਧੀ ਦੇ ਆਗਮਨ ਨੇ ਆਮ ਜਨਤਾ ਨੂੰ ਅੰਦੋਲਨਾਂ ਨਾਲ ਜੋੜਨਾ ਸ਼ੁਰੂ ਕਰ ਦਿੱਤਾ। ਬਰਤਾਨਵੀ ਸਰਕਾਰ ਜੋ ਪਹਿਲਾਂ ਹੀ ਯੂਰਪ ਵਿੱਚ ਉੱਠ ਰਹੀਆਂ ਜੰਗੀ ਸਥਿਤੀਆਂ ਕਾਰਨ ਚਿੰਤਤ ਸੀ ਭਾਰਤ ਵਿੱਚ ਉੱਠ ਰਹੀ ਇਸ ਜਨ-ਲਹਿਰ ਨੂੰ ਸ਼ੱਕ ਅਤੇ ਡਰ ਦੀ ਨਜ਼ਰ ਨਾਲ ਦੇਖਣ ਲੱਗੀ ਸੀ। ਉਨ੍ਹਾਂ ਨੇ @ਪਾੜੋ ਤੇ ਰਾਜ ਕਰੋ@ ਦੀ ਨੀਤੀ ਨੂੰ ਹੋਰ ਤਿੱਖਾ ਕੀਤਾ ਤਾਂ ਜੋ ਹਿੰਦੂਆਂ ਅਤੇ ਮੁਸਲਮਾਨਾਂ ਦੀ ਵਧ ਰਹੀ ਏਕਤਾ ਨੂੰ ਤੋੜਿਆ ਜਾ ਸਕੇ ਪਰ ਪੰਜਾਬ ਦੀ ਧਰਤੀ @ਤੇ ਇਹ ਏਕਤਾ ਇੱਕ ਅਜਿਹੀ ਚਟਾਨ ਬਣ ਕੇ ਉੱਭਰੀ ਜਿਸ ਨੂੰ ਤੋੜਨਾ ਮੁਸ਼ਕਲ ਹੋ ਗਿਆ। ਪਹਿਲੀ ਵਿਸ਼ਵ ਜੰਗ ਅਤੇ ਪੰਜਾਬ ਦਾ ਬੇਮਿਸਾਲ ਯੋਗਦਾਨ : ਜਦੋਂ 1914 ਵਿੱਚ ਪਹਿਲੀ ਵਿਸ਼ਵ ਜੰਗ ਸ਼ੁਰੂ ਹੋਈ ਤਾਂ ਬਰਤਾਨਵੀ ਸਾਮਰਾਜ ਨੂੰ ਸੈਨਿਕਾਂ ਦੀ ਭਾਰੀ ਲੋੜ ਸੀ। ਪੰਜਾਬ, ਜਿਸ ਨੂੰ @ਮਾਰਸ਼ਲ ਰੇਸ@ ਦਾ ਗੜ੍ਹ ਮੰਨਿਆ ਜਾਂਦਾ ਸੀ ਨੇ ਇਸ ਜੰਗ ਵਿੱਚ ਲੱਖਾਂ ਨੌਜਵਾਨਾਂ ਦੀ ਭਰਤੀ ਕਰਵਾਈ। ਪੰਜਾਬੀ ਜਵਾਨ ਫਰਾਂਸ, ਮੈਸੋਪੋਟੇਮੀਆ ਅਤੇ ਅਫਰੀਕਾ ਦੇ ਮੈਦਾਨਾਂ ਵਿੱਚ ਅੰਗਰੇਜ਼ਾਂ ਲਈ ਆਪਣੀਆਂ ਜਾਨਾਂ ਵਾਰ ਰਹੇ ਸਨ। ਉਸ ਵੇਲੇ ਪੰਜਾਬ ਦੇ ਤਤਕਾਲੀ ਲੈਫਟੀਨੈਂਟ ਗਵਰਨਰ ਮਾਈਕਲ ਓ@ਡਵਾਇਰ ਨੇ ਬੜੀ ਸਖ਼ਤੀ ਨਾਲ ਭਰਤੀ ਮੁਹਿੰਮ ਚਲਾਈ ਅਤੇ ਪੰਜਾਬ ਦੇ ਪਿੰਡਾਂ ਤੋਂ ਜ਼ਬਰਦਸਤੀ ਫੰਡ ਅਤੇ ਸੈਨਿਕ ਇਕੱਠੇ ਕੀਤੇ। ਭਾਰਤੀਆਂ ਨੂੰ ਉਮੀਦ ਸੀ ਕਿ ਜੰਗ ਦੀ ਸਮਾਪਤੀ ਤੋਂ ਬਾਅਦ ਉਨ੍ਹਾਂ ਦੀ ਇਸ ਵਫ਼ਾਦਾਰੀ ਦੇ ਬਦਲੇ ਬ੍ਰਿਟਿਸ਼ ਸਰਕਾਰ ਉਨ੍ਹਾਂ ਨੂੰ @ਡੋਮੀਨੀਅਨ ਸਟੇਟਸ@ ਜਾਂ ਵੱਡੀਆਂ ਰਾਜਨੀਤਿਕ ਰਿਆਇਤਾਂ ਦੇਵੇਗੀ। ਪਰ ਜਦੋਂ 1918 ਵਿੱਚ ਜੰਗ ਖਤਮ ਹੋਈ ਤਾਂ ਇਨ੍ਹਾਂ ਉਮੀਦਾਂ @ਤੇ ਪਾਣੀ ਫਿਰ ਗਿਆ। ਵਧ ਰਹੀ ਮਹਿੰਗਾਈ, ਬੇਰੁਜ਼ਗਾਰੀ ਅਤੇ ਪਲੇਗ ਵਰਗੀਆਂ ਬਿਮਾਰੀਆਂ ਨੇ ਲੋਕਾਂ ਦੀ ਲੱਕ ਤੋੜ ਦਿੱਤੀ ਸੀ। ਸਰਕਾਰ ਨੇ ਇਨਾਮ ਦੇਣ ਦੀ ਬਜਾਏ ਹੋਰ ਵੀ ਕਰੜੇ ਕਾਨੂੰਨ ਲਾਗੂ ਕਰਨ ਦੀ ਯੋਜਨਾ ਬਣਾ ਲਈ ਜਿਸ ਨੇ ਪੰਜਾਬੀ ਮਨਾਂ ਵਿੱਚ ਅੰਗਰੇਜ਼ਾਂ ਪ੍ਰਤੀ ਸਤਿਕਾਰ ਨੂੰ ਨਫ਼ਰਤ ਵਿੱਚ ਬਦਲ ਦਿੱਤਾ।

**ਰੌਲਟ ਐਕਟ; ਲੋਕਤੰਤਰ ਦਾ ਗਲਾ ਘੁੱਟਣ ਵਾਲਾ ਕਾਲਾ ਕਾਨੂੰਨ** : ਸੰਨ 1919 ਦੀ ਸ਼ੁਰੂਆਤ ਵਿੱਚ ਬਰਤਾਨਵੀ ਸਰਕਾਰ ਨੇ @ਐਨਾਰਕੀਕਲ ਐਂਡ ਰੈਵੋਲੂਸ਼ਨਰੀ ਕ੍ਰਾਈਮਜ਼ ਐਕਟ@ ਪਾਸ ਕੀਤਾ ਜਿਸ ਨੂੰ ਜਸਟਿਸ ਸਿਡਨੀ ਰੌਲਟ ਦੇ ਨਾਂ @ਤੇ @ਰੌਲਟ ਐਕਟ@ ਕਿਹਾ ਗਿਆ। ਇਸ ਕਾਨੂੰਨ ਦਾ ਮਕਸਦ ਕ੍ਰਾਂਤੀਕਾਰੀ ਗਤੀਵਿਧੀਆਂ ਨੂੰ ਜੜ੍ਹੋਂ ਖਤਮ ਕਰਨਾ ਸੀ। ਇਸ ਐਕਟ ਨੇ ਸਰਕਾਰ ਨੂੰ ਇਹ ਤਾਕਤ ਦੇ ਦਿੱਤੀ ਕਿ ਉਹ ਕਿਸੇ ਵੀ ਭਾਰਤੀ ਨੂੰ ਬਿਨਾਂ ਕਿਸੇ ਵਾਰੰਟ ਦੇ ਗ੍ਰਿਫ਼ਤਾਰ ਕਰ ਸਕਦੀ ਸੀ ਅਤੇ ਬਿਨਾਂ ਮੁਕੱਦਮਾ ਚਲਾਏ ਦੋ ਸਾਲ ਤੱਕ ਜੇਲ੍ਹ ਵਿੱਚ ਰੱਖ ਸਕਦੀ ਸੀ। ਇਸ ਨੂੰ ਭਾਰਤੀ ਨੇਤਾਵਾਂ ਨੇ ÷ਨੋ ਦਲੀਲ, ਨੋ ਵਕੀਲ, ਨੋ ਅਪੀਲ÷ ਦਾ ਨਾਂ ਦਿੱਤਾ। ਮਹਾਤਮਾ ਗਾਂਧੀ ਨੇ ਇਸ ਨੂੰ @ਕਾਲਾ ਕਾਨੂੰਨ@ ਕਿਹਾ ਅਤੇ ਇਸ ਦੇ ਖ਼ਿਲਾਫ਼ ਦੇਸ਼ ਵਿਆਪੀ ਹੜਤਾਲ ਦਾ ਸੱਦਾ ਦਿੱਤਾ। ਪੰਜਾਬ ਵਿੱਚ ਇਸ ਦਾ ਵਿਰੋਧ ਸਭ ਤੋਂ ਤਿੱਖਾ ਰਿਹਾ। ਅੰਮ੍ਰਿਤਸਰ ਵਰਗੇ ਸ਼ਹਿਰਾਂ ਵਿੱਚ ਹਿੰਦੂਆਂ, ਸਿੱਖਾਂ ਅਤੇ ਮੁਸਲਮਾਨਾਂ ਨੇ ਮਿਲ ਕੇ ਪ੍ਰਦਰਸ਼ਨ ਕੀਤੇ ਜਿਸ ਨੇ ਅੰਗਰੇਜ਼ੀ ਪ੍ਰਸ਼ਾਸਨ ਦੇ ਮਨ ਵਿੱਚ ਇਹ ਡਰ ਪੈਦਾ ਕਰ ਦਿੱਤਾ ਕਿ ਸ਼ਾਇਦ 1857 ਵਰਗੀ ਬਗਾਵਤ ਦੁਬਾਰਾ ਸਿਰ ਚੁੱਕ ਰਹੀ ਹੈ।

**ਅੰਮ੍ਰਿਤਸਰ ਵਿੱਚ ਤਣਾਅ ਅਤੇ ਨੇਤਾਵਾਂ ਦੀ ਗ੍ਰਿਫ਼ਤਾਰੀ** : ਅਪ੍ਰੈਲ 1919 ਦੇ ਪਹਿਲੇ ਹਫ਼ਤੇ ਅੰਮ੍ਰਿਤਸਰ ਦਾ ਮਾਹੌਲ ਬਹੁਤ ਗਰਮ ਸੀ। 9 ਅਪ੍ਰੈਲ ਨੂੰ ਰਾਮ ਨੌਮੀ ਦਾ ਤਿਉਹਾਰ ਸੀ ਅਤੇ ਇਸ ਮੌਕੇ @ਤੇ ਅੰਮ੍ਰਿਤਸਰ ਵਿੱਚ ਇੱਕ ਬਹੁਤ ਵੱਡਾ ਜਲੂਸ ਕੱਢਿਆ ਗਿਆ। ਇਸ ਜਲੂਸ ਦੀ ਖ਼ਾਸੀਅਤ ਇਹ ਸੀ ਕਿ ਹਿੰਦੂਆਂ ਅਤੇ ਮੁਸਲਮਾਨਾਂ ਨੇ ਇੱਕੋ ਭਾਂਡੇ ਵਿੱਚ ਪਾਣੀ ਪੀ ਕੇ ਆਪਣੀ ਏਕਤਾ ਦਾ ਪ੍ਰਦਰਸ਼ਨ ਕੀਤਾ। ਇਸ ਏਕਤਾ ਨੇ ਮਾਈਕਲ ਓ@ਡਵਾਇਰ ਨੂੰ ਬੁਰੀ ਤਰ੍ਹਾਂ ਹਿਲਾ ਦਿੱਤਾ। ਉਸ ਨੇ ਤੁਰੰਤ ਅੰਮ੍ਰਿਤਸਰ ਦੇ ਦੋ ਵੱਡੇ ਨੇਤਾਵਾਂ, ਡਾ. ਸੈਫੂਦੀਨ ਕਿਚਲੂ ਅਤੇ ਡਾ. ਸਤਿਆਪਾਲ ਨੂੰ ਡਿਪਟੀ ਕਮਿਸ਼ਨਰ ਦੇ ਘਰ ਬੁਲਾ ਕੇ ਗ੍ਰਿਫ਼ਤਾਰ ਕਰ ਲਿਆ ਅਤੇ ਉਨ੍ਹਾਂ ਨੂੰ ਅਣਪਛਾਤੀ ਥਾਂ (ਧਰਮਸ਼ਾਲਾ) ਭੇਜ ਦਿੱਤਾ। ਜਦੋਂ ਇਹ ਖ਼ਬਰ ਸ਼ਹਿਰ ਵਿੱਚ ਫੈਲੀ ਤਾਂ ਲੋਕਾਂ ਦਾ ਗੁੱਸਾ ਫੁੱਟ ਪਿਆ। ਲੋਕ ਆਪਣੇ ਨੇਤਾਵਾਂ ਦੀ ਰਿਹਾਈ ਦੀ ਮੰਗ ਕਰਨ ਲਈ ਡਿਪਟੀ ਕਮਿਸ਼ਨਰ ਦੇ ਦਫ਼ਤਰ ਵੱਲ ਵਧੇ, ਪਰ ਰਸਤੇ ਵਿੱਚ ਰੇਲਵੇ ਪੁਲ @ਤੇ ਫੌਜ ਨੇ ਗੋਲੀ ਚਲਾ ਦਿੱਤੀ ਜਿਸ ਵਿੱਚ ਕਈ ਲੋਕ ਮਾਰੇ ਗਏ। ਇਸ ਤੋਂ ਬਾਅਦ ਭੜਕੀ ਹਿੰਸਾ ਵਿੱਚ ਕੁਝ ਅੰਗਰੇਜ਼ ਅਧਿਕਾਰੀ ਮਾਰੇ ਗਏ ਅਤੇ ਸਰਕਾਰੀ ਇਮਾਰਤਾਂ ਨੂੰ ਅੱਗ ਲਗਾ ਦਿੱਤੀ ਗਈ। ਸ਼ਹਿਰ ਦਾ ਕੰਟਰੋਲ ਫੌਜ ਦੇ ਹਵਾਲੇ ਕਰ ਦਿੱਤਾ ਗਿਆ ਅਤੇ ਜਨਰਲ ਰੇਜੀਨਾਲਡ ਡਾਇਰ ਨੂੰ ਜਾਲੰਧਰ ਤੋਂ ਅੰਮ੍ਰਿਤਸਰ ਬੁਲਾਇਆ ਗਿਆ।

**13 ਅਪ੍ਰੈਲ; ਵਿਸਾਖੀ ਦਾ ਦਿਨ ਅਤੇ ਬਾਗ ਦੀ ਘੇਰਾਬੰਦੀ** : 13 ਅਪ੍ਰੈਲ 1919 ਨੂੰ ਵਿਸਾਖੀ ਦਾ ਪਵਿੱਤਰ ਦਿਹਾੜਾ ਸੀ। ਅੰਮ੍ਰਿਤਸਰ ਦੇ ਜਲਿਆਂਵਾਲਾ ਬਾਗ ਵਿੱਚ ਇੱਕ ਵੱਡਾ ਜਨਤਕ ਇਕੱਠ ਰੱਖਿਆ ਗਿਆ ਸੀ। ਬਾਗ ਅਸਲ ਵਿੱਚ ਇੱਕ ਖਾਲੀ ਮੈਦਾਨ ਸੀ ਜਿਸ ਦੇ ਚਾਰੇ ਪਾਸੇ ਉੱਚੀਆਂ ਕੰਧਾਂ ਅਤੇ ਘਰ ਸਨ। ਇਸ ਵਿੱਚ ਅੰਦਰ ਜਾਣ ਅਤੇ ਬਾਹਰ ਆਉਣ ਲਈ ਸਿਰਫ਼ ਇੱਕ ਹੀ ਤੰਗ ਰਸਤਾ ਸੀ। ਉਸ ਦਿਨ ਹਜ਼ਾਰਾਂ ਦੀ ਗਿਣਤੀ ਵਿੱਚ ਲੋਕ ਇਕੱਠੇ ਹੋਏ ਸਨ, ਜਿਨ੍ਹਾਂ ਵਿੱਚੋਂ ਬਹੁਤ ਸਾਰੇ ਨੇੜਲੇ ਪਿੰਡਾਂ ਦੇ ਸਨ ਜੋ ਵਿਸਾਖੀ ਦੇ ਮੇਲੇ ਲਈ ਆਏ ਸਨ ਅਤੇ ਉਨ੍ਹਾਂ ਨੂੰ ਸ਼ਹਿਰ ਵਿੱਚ ਲਾਗੂ ਮਾਰਸ਼ਲ ਲਾਅ ਜਾਂ ਜਨਤਕ ਇਕੱਠਾਂ @ਤੇ ਪਾਬੰਦੀ ਬਾਰੇ ਕੋਈ ਜਾਣਕਾਰੀ ਨਹੀਂ ਸੀ। ਸ਼ਾਮ ਦੇ ਕਰੀਬ 4:30 ਵਜੇ, ਜਦੋਂ ਸਭਾ ਸ਼ਾਂਤਮਈ ਢੰਗ ਨਾਲ ਚੱਲ ਰਹੀ ਸੀ ਅਤੇ ਬੁਲਾਰੇ ਭਾਸ਼ਣ ਦੇ ਰਹੇ ਸਨ, ਜਨਰਲ ਡਾਇਰ ਆਪਣੇ ਹਥਿਆਰਬੰਦ ਸਿਪਾਹੀਆਂ ਅਤੇ ਦੋ ਬਖ਼ਤਰਬੰਦ ਗੱਡੀਆਂ ਨਾਲ ਬਾਗ ਵਿੱਚ ਦਾਖਲ ਹੋਇਆ। ਉਸ ਨੇ ਬਿਨਾਂ ਕਿਸੇ ਚੇਤਾਵਨੀ ਦੇ, ਲੋਕਾਂ ਨੂੰ ਖਿੰਡ ਜਾਣ ਦਾ ਮੌਕਾ ਦਿੱਤੇ ਬਿਨਾਂ ਹੀ ਗੋਲੀ ਚਲਾਉਣ ਦਾ ਹੁਕਮ ਦੇ ਦਿੱਤਾ।

**ਦਸ ਮਿੰਟ ਦਾ ਤਾਂਡਵ ਅਤੇ ਮਨੁੱਖੀ ਲਹੂ ਦੀ ਹੋਲੀ** : ਜਨਰਲ ਡਾਇਰ ਦੇ ਹੁਕਮ @ਤੇ ਸਿਪਾਹੀਆਂ ਨੇ ਬਾਗ ਦੇ ਇਕਲੌਤੇ ਨਿਕਾਸ ਦੁਆਰ ਨੂੰ ਘੇਰ ਲਿਆ ਅਤੇ ਸਿੱਧਾ ਭੀੜ @ਤੇ ਗੋਲੀਆਂ ਚਲਾਉਣੀਆਂ ਸ਼ੁਰੂ ਕਰ ਦਿੱਤੀਆਂ। ਉਹ ਦਸ ਮਿੰਟ ਇਤਿਹਾਸ ਦੇ ਸਭ ਤੋਂ ਭਿਆਨਕ ਮਿੰਟ ਸਨ। ਡਾਇਰ ਨੇ ਨਿਰਦੇਸ਼ ਦਿੱਤੇ ਸਨ ਕਿ ਗੋਲੀਆਂ ਉੱਥੇ ਚਲਾਈਆਂ ਜਾਣ ਜਿੱਥੇ ਭੀੜ ਸਭ ਤੋਂ ਜ਼ਿਆਦਾ ਸੰਘਣੀ ਹੋਵੇ। ਲੋਕ ਆਪਣੀ ਜਾਨ ਬਚਾਉਣ ਲਈ ਇਧਰ-ਉਧਰ ਭੱਜੇ, ਪਰ ਉੱਚੀਆਂ ਕੰਧਾਂ ਨੇ ਉਨ੍ਹਾਂ ਦਾ ਰਸਤਾ ਰੋਕ ਲਿਆ। ਬਹੁਤ ਸਾਰੇ ਲੋਕਾਂ ਨੇ ਬਾਗ ਵਿੱਚ ਸਥਿਤ ਇੱਕ ਖੂਹ ਵਿੱਚ ਛਾਲਾਂ ਮਾਰ ਦਿੱਤੀਆਂ, ਜਿਸ ਨੂੰ ਅੱਜ @ਸ਼ਹੀਦੀ ਖੂਹ@ ਕਿਹਾ ਜਾਂਦਾ ਹੈ। ਉਸ ਖੂਹ ਵਿੱਚੋਂ ਬਾਅਦ ਵਿੱਚ ਸੈਂਕੜੇ ਲਾਸ਼ਾਂ ਕੱਢੀਆਂ ਗਈਆਂ। ਗੋਲੀਬਾਰੀ ਉਦੋਂ ਹੀ ਰੁਕੀ ਜਦੋਂ ਸਿਪਾਹੀਆਂ ਕੋਲ ਅਸਲਾ ਖਤਮ ਹੋ ਗਿਆ। ਸਰਕਾਰੀ ਰਿਪੋਰਟਾਂ ਅਨੁਸਾਰ 379 ਲੋਕ ਮਾਰੇ ਗਏ ਸਨ, ਪਰ ਗੈਰ-ਸਰਕਾਰੀ ਅੰਕੜਿਆਂ ਮੁਤਾਬਕ ਸ਼ਹੀਦਾਂ ਦੀ ਗਿਣਤੀ 1000 ਤੋਂ ਵੀ ਵੱਧ ਸੀ ਅਤੇ ਹਜ਼ਾਰਾਂ ਲੋਕ ਬੁਰੀ ਤਰ੍ਹਾਂ ਜ਼ਖ਼ਮੀ ਹੋ ਗਏ ਸਨ। ਇਸ ਕਤਲੇਆਮ ਤੋਂ ਬਾਅਦ ਡਾਇਰ ਨੇ ਸ਼ਹਿਰ ਵਿੱਚ ਕਰਫ਼ਿਊ ਲਗਾ ਦਿੱਤਾ, ਜਿਸ ਕਾਰਨ ਜ਼ਖ਼ਮੀਆਂ ਨੂੰ ਪਾਣੀ ਅਤੇ ਡਾਕਟਰੀ ਸਹਾਇਤਾ ਵੀ ਨਸੀਬ ਨਹੀਂ ਹੋਈ ਅਤੇ ਸਾਰੀ ਰਾਤ ਲੋਕ ਤੜਫ-ਤੜਫ ਕੇ ਦਮ ਤੋੜਦੇ ਰਹੇ।

**ਸ਼ਹੀਦ ਊਧਮ ਸਿੰਘ; ਇੱਕ ਬਲਦੀ ਮਸ਼ਾਲ ਅਤੇ ਪ੍ਰਤਿਗਿਆ** : ਜਲਿਆਂਵਾਲਾ ਬਾਗ ਦੇ ਖੂਨੀ ਸਾਕੇ ਨੇ ਜਿੱਥੇ ਸਾਰੇ ਦੇਸ਼ ਨੂੰ ਸਦਮੇ ਵਿੱਚ ਪਾ ਦਿੱਤਾ ਉੱਥੇ ਇੱਕ 20 ਸਾਲਾ ਨੌਜਵਾਨ ਦੇ ਮਨ ਵਿੱਚ ਅਜਿਹੀ ਅੱਗ ਲਗਾ ਦਿੱਤੀ ਜੋ ਅਗਲੇ 21 ਸਾਲਾਂ ਤੱਕ ਬਲਦੀ ਰਹੀ। ਉਹ ਨੌਜਵਾਨ ਸੀ ਊਧਮ ਸਿੰਘ। ਊਧਮ ਸਿੰਘ ਉਸ ਦਿਨ ਬਾਗ ਵਿੱਚ ਮੌਜੂਦ ਸੀ ਅਤੇ ਲੋਕਾਂ ਨੂੰ ਪਾਣੀ ਪਿਲਾਉਣ ਦੀ ਸੇਵਾ ਕਰ ਰਿਹਾ ਸੀ। ਉਸ ਨੇ ਆਪਣੀਆਂ ਅੱਖਾਂ ਨਾਲ ਮਾਸੂਮਾਂ ਦਾ ਕਤਲੇਆਮ ਹੁੰਦੇ ਦੇਖਿਆ। ਉਸ ਦਿਨ ਉਸ ਨੇ ਬਾਗ ਦੀ ਰੱਤ ਭਿੱਜੀ ਮਿੱਟੀ ਨੂੰ ਆਪਣੇ ਮੱਥੇ @ਤੇ ਲਗਾਇਆ ਅਤੇ ਸਹੁੰ ਖਾਧੀ ਕਿ ਉਹ ਇਸ ਜ਼ੁਲਮ ਦੇ ਮੁੱਖ ਜ਼ਿੰਮੇਵਾਰ ਮਾਈਕਲ ਓ@ਡਵਾਇਰ ਨੂੰ ਉਸ ਦੇ ਘਰ ਜਾ ਕੇ ਮਾਰੇਗਾ। ਊਧਮ ਸਿੰਘ ਨੇ ਆਪਣੇ ਮਕਸਦ ਲਈ ਦੁਨੀਆ ਦੇ ਕਈ ਦੇਸ਼ਾਂ ਦੀ ਯਾਤਰਾ ਕੀਤੀ, ਵੱਖ-ਵੱਖ ਨਾਮ ਰੱਖੇ ਅਤੇ ਅੰਤ ਵਿੱਚ @ਰਾਮ ਮੁਹੰਮਦ ਸਿੰਘ ਆਜ਼ਾਦ@ ਦੇ ਨਾਮ ਹੇਠ ਲੰਡਨ ਪਹੁੰਚ ਗਿਆ। 13 ਮਾਰਚ 1940 ਨੂੰ ਕੈਕਸਟਨ ਹਾਲ ਵਿੱਚ ਇੱਕ ਸਭਾ ਦੌਰਾਨ ਉਸ ਨੇ ਮਾਈਕਲ ਓ@ਡਵਾਇਰ ਨੂੰ ਗੋਲੀਆਂ ਨਾਲ ਭੁੰਨ ਦਿੱਤਾ। ਉਸ ਦੀ ਇਹ ਕੁਰਬਾਨੀ ਸਿਰਫ਼ ਬਦਲਾ ਨਹੀਂ ਸੀ, ਸਗੋਂ ਇਹ ਬਰਤਾਨਵੀ ਹਕੂਮਤ ਨੂੰ ਇੱਕ ਸੁਨੇਹਾ ਸੀ ਕਿ ਭਾਰਤ ਦੇ ਸ਼ਹੀਦਾਂ ਦਾ ਖੂਨ ਕਦੇ ਅਜਾਈਂ ਨਹੀਂ ਜਾਂਦਾ। 31 ਜੁਲਾਈ 1940 ਨੂੰ ਊਧਮ ਸਿੰਘ ਨੂੰ ਫਾਂਸੀ ਦੇ ਦਿੱਤੀ ਗਈ, ਪਰ ਉਸ ਦਾ ਨਾਮ ਅਮਰ ਹੋ ਗਿਆ।

**ਬਰਤਾਨਵੀ ਪ੍ਰਤੀਕਿਰਿਆ ਅਤੇ ਹੰਟਰ ਕਮਿਸ਼ਨ ਦਾ ਨਾਟਕ** : ਇਸ ਕਤਲੇਆਮ ਤੋਂ ਬਾਅਦ ਜਦੋਂ ਪੂਰੀ ਦੁਨੀਆ ਵਿੱਚ ਅੰਗਰੇਜ਼ਾਂ ਦੀ ਥੂ-ਥੂ ਹੋਣ ਲੱਗੀ ਤਾਂ ਬ੍ਰਿਟਿਸ਼ ਸਰਕਾਰ ਨੇ ਦਿਖਾਵੇ ਲਈ @ਹੰਟਰ ਕਮਿਸ਼ਨ@ ਦੀ ਸਥਾਪਨਾ ਕੀਤੀ। ਕਮਿਸ਼ਨ ਦੇ ਸਾਹਮਣੇ ਪੇਸ਼ ਹੋਣ @ਤੇ ਜਨਰਲ ਡਾਇਰ ਨੇ ਬੜੀ ਬੇਸ਼ਰਮੀ ਨਾਲ ਕਿਹਾ ਕਿ ਉਸ ਨੂੰ ਆਪਣੇ ਕੀਤੇ @ਤੇ ਕੋਈ ਪਛਤਾਵਾ ਨਹੀਂ ਹੈ। ਉਸ ਨੇ ਕਿਹਾ ਕਿ ਉਸ ਦਾ ਮਕਸਦ ਸਿਰਫ਼ ਭੀੜ ਨੂੰ ਖਿੰਡਾਉਣਾ ਨਹੀਂ ਸੀ, ਸਗੋਂ ਭਾਰਤੀਆਂ ਦੇ ਮਨਾਂ ਵਿੱਚ ਅਜਿਹੀ ਦਹਿਸ਼ਤ ਪੈਦਾ ਕਰਨਾ ਸੀ ਕਿ ਉਹ ਮੁੜ ਕਦੇ ਬਗਾਵਤ ਨਾ ਕਰਨ। ਹਾਲਾਂਕਿ ਕਮਿਸ਼ਨ ਨੇ ਡਾਇਰ ਦੇ ਇਸ ਕਾਰੇ ਨੂੰ ਗਲਤ ਦੱਸਿਆ ਪਰ ਉਸ ਨੂੰ ਕੋਈ ਸਖ਼ਤ ਸਜ਼ਾ ਨਹੀਂ ਦਿੱਤੀ ਗਈ। ਉਸ ਨੂੰ ਸਿਰਫ਼ ਸੇਵਾ ਤੋਂ ਮੁਕਤ ਕਰਕੇ ਵਾਪਸ ਇੰਗਲੈਂਡ ਭੇਜ ਦਿੱਤਾ ਗਿਆ। ਹੈਰਾਨੀ ਦੀ ਗੱਲ ਇਹ ਸੀ ਕਿ ਇੰਗਲੈਂਡ ਵਿੱਚ ਕਈ ਲੋਕਾਂ ਨੇ ਉਸ ਨੂੰ @ਬ੍ਰਿਟਿਸ਼ ਸਾਮਰਾਜ ਦਾ ਰਾਖਾ@ ਕਹਿ ਕੇ ਸਨਮਾਨਿਤ ਕੀਤਾ ਅਤੇ ਉਸ ਲਈ ਫੰਡ ਇਕੱਠਾ ਕੀਤਾ। ਇਸ ਪੱਖਪਾਤੀ ਵਤੀਰੇ ਨੇ ਭਾਰਤੀਆਂ ਦੇ ਮਨਾਂ ਵਿੱਚ ਰਹੀ-ਸਹੀ ਵਫ਼ਾਦਾਰੀ ਵੀ ਖਤਮ ਕਰ ਦਿੱਤੀ।

ਰਬਿੰਦਰਨਾਥ ਟੈਗੋਰ ਦੀ ਨਾਰਾਜ਼ਗੀ ਅਤੇ ਨਾਈਟਹੁੱਡ ਦਾ ਤਿਆਗ : ਜਲਿਆਂਵਾਲਾ ਬਾਗ ਦੀ ਘਟਨਾ ਨੇ ਭਾਰਤ ਦੇ ਬੁੱਧੀਜੀਵੀ ਵਰਗ ਨੂੰ ਵੀ ਹਿਲਾ ਕੇ ਰੱਖ ਦਿੱਤਾ ਸੀ। ਨੋਬਲ ਪੁਰਸਕਾਰ ਜੇਤੂ ਕਵੀ ਰਬਿੰਦਰਨਾਥ ਟੈਗੋਰ ਨੇ ਇਸ ਵਹਿਸ਼ੀਆਨਾ ਕਤਲੇਆਮ ਦੇ ਵਿਰੋਧ ਵਿੱਚ ਬਰਤਾਨਵੀ ਸਰਕਾਰ ਵੱਲੋਂ ਦਿੱਤੀ ਗਈ @ਨਾਈਟਹੁੱਡ@ (ਸਰ) ਦੀ ਉਪਾਧੀ ਵਾਪਸ ਕਰ ਦਿੱਤੀ। ਵਾਇਸਰਾਏ ਨੂੰ ਲਿਖੀ ਆਪਣੀ ਚਿੱਠੀ ਵਿੱਚ ਟੈਗੋਰ ਨੇ ਬਹੁਤ ਹੀ ਭਾਵੁਕ ਅਤੇ ਸਖ਼ਤ ਸ਼ਬਦਾਂ ਦੀ ਵਰਤੋਂ ਕੀਤੀ। ਉਨ੍ਹਾਂ ਲਿਖਿਆ ਕਿ ਅਜਿਹੇ ਸਮੇਂ ਵਿੱਚ ਜਦੋਂ ਸਾਡੇ ਦੇਸ਼ ਦੇ ਲੋਕਾਂ ਨੂੰ ਅਜਿਹੀਆਂ ਬੇਇੱਜ਼ਤੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਇਹ ਉਪਾਧੀਆਂ ਮੇਰੇ ਲਈ ਸ਼ਰਮ ਦਾ ਕਾਰਨ ਬਣ ਗਈਆਂ ਹਨ। ਟੈਗੋਰ ਦਾ ਇਹ ਕਦਮ ਅੰਤਰਰਾਸ਼ਟਰੀ ਪੱਧਰ @ਤੇ ਅੰਗਰੇਜ਼ਾਂ ਲਈ ਬਹੁਤ ਵੱਡੀ ਨਮੋਸ਼ੀ ਸੀ ਅਤੇ ਇਸ ਨੇ ਭਾਰਤੀਆਂ ਨੂੰ ਆਪਣੀ ਸਵੈ-ਮਾਨ ਦੀ ਲੜਾਈ ਲੜਨ ਲਈ ਉਤਸ਼ਾਹਿਤ ਕੀਤਾ।

**ਆਜ਼ਾਦੀ ਦੇ ਸੰਗਰਾਮ @ਤੇ ਦੂਰਗਾਮੀ ਪ੍ਰਭਾਵ** : ਜਲਿਆਂਵਾਲਾ ਬਾਗ ਸਾਕੇ ਤੋਂ ਪਹਿਲਾਂ ਭਾਰਤੀ ਰਾਜਨੀਤੀ ਮੁੱਖ ਤੌਰ @ਤੇ ਅੰਗਰੇਜ਼ਾਂ ਤੋਂ ਰਿਆਇਤਾਂ ਮੰਗਣ ਤੱਕ ਸੀਮਤ ਸੀ। ਪਰ ਇਸ ਘਟਨਾ ਨੇ @ਪੂਰਨ ਸਵਰਾਜ@ ਦੀ ਮੰਗ ਨੂੰ ਜਨਮ ਦਿੱਤਾ। ਮਹਾਤਮਾ ਗਾਂਧੀ, ਜੋ ਪਹਿਲਾਂ ਅੰਗਰੇਜ਼ੀ ਨਿਆਂ ਵਿੱਚ ਵਿਸ਼ਵਾਸ ਰੱਖਦੇ ਸਨ, ਹੁਣ ਇਸ ਸਾਮਰਾਜ ਨੂੰ @ਸ਼ੈਤਾਨੀ ਹਕੂਮਤ@ ਕਹਿਣ ਲੱਗੇ। ਉਨ੍ਹਾਂ ਨੇ 1920 ਵਿੱਚ ਅਸਹਿਯੋਗ ਅੰਦੋਲਨ ਸ਼ੁਰੂ ਕੀਤਾ ਜਿਸ ਨੇ ਪੂਰੇ ਦੇਸ਼ ਨੂੰ ਇੱਕ ਸੂਤਰ ਵਿੱਚ ਪਰੋ ਦਿੱਤਾ। ਇਹ ਘਟਨਾ ਭਗਤ ਸਿੰਘ ਵਰਗੇ ਕ੍ਰਾਂਤੀਕਾਰੀਆਂ ਲਈ ਪ੍ਰੇਰਨਾ ਦਾ ਸਰੋਤ ਬਣੀ। ਇਤਿਹਾਸਕਾਰ ਮੰਨਦੇ ਹਨ ਕਿ ਜੇਕਰ ਜਲਿਆਂਵਾਲਾ ਬਾਗ ਦਾ ਸਾਕਾ ਨਾ ਵਾਪਰਦਾ ਤਾਂ ਸ਼ਾਇਦ ਭਾਰਤ ਦੀ ਆਜ਼ਾਦੀ ਵਿੱਚ ਹੋਰ ਵੀ ਕਈ ਦਹਾਕੇ ਲੱਗ ਜਾਂਦੇ। ਇਸ ਖੂਨੀ ਸਾਕੇ ਨੇ ਬ੍ਰਿਟਿਸ਼ ਰਾਜ ਦੇ ਅੰਤ ਦੀ ਉਲਟੀ ਗਿਣਤੀ ਸ਼ੁਰੂ ਕਰ ਦਿੱਤੀ ਸੀ।

**ਨਵੀਨੀਕਰਨ ਜਾਂ ਇਤਿਹਾਸਕ ਵਿਰਾਸਤ ਨਾਲ ਛੇੜਛਾੜ; ਇੱਕ ਵਿਵਾਦਪੂਰਨ ਪਹਿਲੂ** : ਜਲਿਆਂਵਾਲਾ ਬਾਗ ਦੇ ਨਵੀਨੀਕਰਨ (Renovation) ਨੂੰ ਲੈ ਕੇ ਇਤਿਹਾਸਕਾਰਾਂ, ਬੁੱਧੀਜੀਵੀ ਵਰਗ ਅਤੇ ਆਮ ਲੋਕਾਂ ਵਿੱਚ ਇੱਕ ਤਿੱਖੀ ਬਹਿਸ ਛਿੜੀ ਹੋਈ ਹੈ ਜਿਸ ਵਿੱਚ ਸਰਕਾਰ ਦੀਆਂ ਨੀਅਤਾਂ @ਤੇ ਸਵਾਲ ਚੁੱਕੇ ਜਾ ਰਹੇ ਹਨ। ਕਈ ਆਲੋਚਕਾਂ ਦਾ ਮੰਨਣਾ ਹੈ ਕਿ ਕੋਵਿਡ-19 ਦੀ ਆੜ ਵਿੱਚ ਕੀਤੇ ਗਏ ਇਸ ਬਦਲਾਅ ਰਾਹੀਂ ਇਤਿਹਾਸ ਦੀ ਉਸ @ਭਿਆਨਕਤਾ@ ਅਤੇ @ਦਰਦ@ ਨੂੰ ਮਿਟਾਉਣ ਦੀ ਕੋਸ਼ਿਸ਼ ਕੀਤੀ ਗਈ ਹੈ ਜੋ ਬਾਗ ਦੀਆਂ ਪੁਰਾਣੀਆਂ ਅਤੇ ਖੁਰਦਰੀਆਂ ਕੰਧਾਂ ਵਿੱਚ ਵਸੀ ਹੋਈ ਸੀ। ਖ਼ਾਸ ਕਰਕੇ ਉਸ ਤੰਗ ਰਸਤੇ (Narrow Passage) ਦਾ ਸਰੂਪ ਬਦਲਣਾ ਜਿੱਥੋਂ ਜਨਰਲ ਡਾਇਰ ਦਾਖਲ ਹੋਇਆ ਸੀ ਸਭ ਤੋਂ ਵੱਧ ਵਿਵਾਦਪੂਰਨ ਰਿਹਾ ਹੈ; ਕਿਉਂਕਿ ਉਸ ਰਸਤੇ @ਤੇ ਬਣਾਈਆਂ ਗਈਆਂ ਨਵੀਆਂ ਮੂਰਤੀਆਂ ਉਸ ਦਹਿਸ਼ਤ ਦੇ ਅਹਿਸਾਸ ਨੂੰ ਘਟਾ ਕੇ ਇਸ ਨੂੰ ਇੱਕ @ਸੁੰਦਰ ਸੈਰ-ਸਪਾਟਾ ਸਥਾਨ@ ਵਾਂਗ ਪੇਸ਼ ਕਰਦੀਆਂ ਹਨ। ਇਤਿਹਾਸਕਾਰਾਂ ਅਨੁਸਾਰ ਸ਼ਹੀਦੀ ਸਥਾਨਾਂ ਦਾ ਨਵੀਨੀਕਰਨ ਉਨ੍ਹਾਂ ਦੇ ਮੂਲ ਸਰੂਪ ਅਤੇ ਇਤਿਹਾਸਕ ਪ੍ਰਮਾਣਿਕਤਾ ਨਾਲ ਛੇੜਛਾੜ ਕੀਤੇ ਬਿਨਾਂ ਹੋਣਾ ਚਾਹੀਦਾ ਹੈ ਪਰ ਇੱਥੇ @ਲਾਈਟ ਐਂਡ ਸਾਊਂਡ ਸ਼ੋਅ@ ਅਤੇ ਨਵੇਂ ਡਿਜ਼ਾਈਨਾਂ ਰਾਹੀਂ ਇਤਿਹਾਸ ਦੇ ਉਸ ਖੂਨੀ ਸੱਚ ਨੂੰ @ਗਲੈਮ@ ਜਾਂ ਚਮਕਦਾਰ ਬਣਾ ਦਿੱਤਾ ਗਿਆ ਹੈ ਜਿਸ ਨੂੰ ਕਈ ਵਿਦਵਾਨ ਇਤਿਹਾਸ ਦੇ ਅਸਲ ਬਿਰਤਾਂਤ ਨੂੰ ਬਦਲਣ ਜਾਂ ਉਸ ਦੇ ਪ੍ਰਭਾਵ ਨੂੰ ਮੱਧਮ ਕਰਨ ਦੀ ਇੱਕ ਸਿਆਸੀ ਸਾਜ਼ਿਸ਼ ਵਜੋਂ ਦੇਖਦੇ ਹਨ ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਉਸ ਦਰਦਨਾਕ ਕਤਲੇਆਮ ਦੀ ਗੰਭੀਰਤਾ ਨੂੰ ਉਸੇ ਸ਼ਿੱਦਤ ਨਾਲ ਮਹਿਸੂਸ ਨਾ ਕਰ ਸਕਣ ਜਿਵੇਂ ਪਹਿਲਾਂ ਹੁੰਦਾ ਸੀ।

**ਸ਼ਹੀਦਾਂ ਦੀ ਯਾਦ ਅਤੇ ਸਾਡੀ ਜ਼ਿੰਮੇਵਾਰੀ** : ਅੱਜ ਜਦੋਂ ਅਸੀਂ ਜਲਿਆਂਵਾਲਾ ਬਾਗ ਦੀਆਂ ਲਾਲ ਇੱਟਾਂ ਵਾਲੀਆਂ ਕੰਧਾਂ ਅਤੇ ਉਨ੍ਹਾਂ @ਤੇ ਲੱਗੇ ਗੋਲੀਆਂ ਦੇ ਨਿਸ਼ਾਨਾਂ ਨੂੰ ਦੇਖਦੇ ਹਾਂ ਤਾਂ ਸਾਨੂੰ ਅਹਿਸਾਸ ਹੁੰਦਾ ਹੈ ਕਿ ਅਸੀਂ ਜਿਸ ਆਜ਼ਾਦ ਹਵਾ ਵਿੱਚ ਸਾਹ ਲੈ ਰਹੇ ਹਾਂ ਉਸ ਦੀ ਕੀਮਤ ਕਿੰਨੀ ਭਾਰੀ ਸੀ। ਉਹ ਸ਼ਹੀਦ ਕਿਸੇ ਖ਼ਾਸ ਧਰਮ ਜਾਂ ਜਾਤ ਦੇ ਨਹੀਂ ਸਨ ਉਹ ਸਿਰਫ਼ ਭਾਰਤੀ ਸਨ ਜਿਨ੍ਹਾਂ ਦਾ ਲਹੂ ਬਾਗ ਦੀ ਮਿੱਟੀ ਵਿੱਚ ਇੱਕਮਿੱਕ ਹੋ ਗਿਆ ਸੀ। ਅੱਜ ਸਾਡੀ ਸਭ ਤੋਂ ਵੱਡੀ ਜ਼ਿੰਮੇਵਾਰੀ ਇਹ ਹੈ ਕਿ ਅਸੀਂ ਉਨ੍ਹਾਂ ਵੱਲੋਂ ਦਿੱਤੀਆਂ ਕੁਰਬਾਨੀਆਂ ਨੂੰ ਵਿਅਰਥ ਨਾ ਜਾਣ ਦੇਈਏ ਅਤੇ ਦੇਸ਼ ਦੀ ਏਕਤਾ, ਅਖੰਡਤਾ ਅਤੇ ਲੋਕਤੰਤਰੀ ਕਦਰਾਂ-ਕੀਮਤਾਂ ਦੀ ਰਾਖੀ ਕਰੀਏ। ਜਲਿਆਂਵਾਲਾ ਬਾਗ ਸਿਰਫ਼ ਇੱਕ ਸਮਾਰਕ ਨਹੀਂ ਹੈ, ਸਗੋਂ ਇਹ ਮਨੁੱਖੀ ਆਤਮਾ ਦੀ ਕਦੇ ਨਾ ਹਾਰਨ ਵਾਲੀ ਜਿੱਤ ਦਾ ਪ੍ਰਤੀਕ ਹੈ।

# ਚੰਡੀਗੜ੍ਹ ਪ੍ਰਸ਼ਾਸਨ ਵੱਲੋਂ ਸ਼ਹਿਰ ਦੇ ਸਲਾਟਰ ਹਾਊਸਾਂ ਅਤੇ ਮੀਟ ਦੀਆਂ ਦੁਕਾਨਾਂ ਦੀ ਨਿਗਰਾਨੀ ਲਈ 13 ਮੈਂਬਰੀ ਕਮੇਟੀ ਗਠਿਤ




ਚੰਡੀਗੜ੍ਹ, 12 ਅਪ੍ਰੈਲ (ਚ.ਨ.ਸ.) :ਚੰਡੀਗੜ੍ਹ ਪ੍ਰਸ਼ਾਸਨ ਨੇ ਸ਼ਹਿਰ ਵਿੱਚ ਚੱਲ ਰਹੇ ਸਲਾਟਰ ਹਾਊਸਾਂ (ਕਸਾਈਖਾਨਿਆਂ) ਅਤੇ ਮੀਟ ਦੀਆਂ ਦੁਕਾਨਾਂ ਦੀ ਕਾਰਜਪ੍ਰਣਾਲੀ ਤੇ ਤਿੱਖੀ ਨਜ਼ਰ ਰੱਖਣ ਅਤੇ ਇਨ੍ਹਾਂ ਦੀ ਨਿਗਰਾਨੀ ਲਈ ਇੱਕ ਉੱਚ ਪੱਧਰੀ 13 ਮੈਂਬਰੀ ਕਮੇਟੀ ਦਾ ਗਠਨ ਕੀਤਾ ਹੈ। ਇਸ ਕਮੇਟੀ ਦੀ ਅਗਵਾਈ ਹੋਮ ਸੈਕਟਰੀ-ਕਮ-ਸੈਕਟਰੀ ਲੋਕਲ ਗਵਰਨਮੈਂਟ ਵੱਲੋਂ ਕੀਤੀ ਜਾਵੇਗੀ। ਨਗਰ ਨਿਗਮ (MC) ਨੇ ਇਹ ਅਹਿਮ ਜਾਣਕਾਰੀ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਚੱਲ ਰਹੀ ਇੱਕ ਜਨਹਿਤ ਪਟੀਸ਼ਨ (PIL) ਦੀ ਸੁਣਵਾਈ ਦੌਰਾਨ ਸਾਂਝੀ ਕੀਤੀ ਹੈ। ਜ਼ਿਕਰਯੋਗ ਹੈ ਕਿ ਇਹ ਪਟੀਸ਼ਨ ਚੰਡੀਗੜ੍ਹ ਦੇ ਰਹਿਣ ਵਾਲੇ ਜੈਰੂਪ ਰਿਆੜ ਵੱਲੋਂ ਦਾਇਰ ਕੀਤੀ ਗਈ ਸੀ, ਜਿਸ ਵਿੱਚ ਸ਼ਹਿਰ ਵਿੱਚ ਚੱਲ ਰਹੇ ਨਾਜਾਇਜ਼ ਸਲਾਟਰ ਹਾਊਸਾਂ ਅਤੇ ਮੀਟ ਦੀਆਂ ਦੁਕਾਨਾਂ ਵਿਰੁੱਧ ਪ੍ਰਸ਼ਾਸਨ ਵੱਲੋਂ ਕੋਈ ਕਾਰਵਾਈ ਨਾ ਕੀਤੇ ਜਾਣ ਦਾ ਮੁੱਦਾ ਚੁੱਕਿਆ ਗਿਆ ਸੀ। ਪਟੀਸ਼ਨ ਵਿੱਚ ਦੋਸ਼ ਲਾਇਆ ਗਿਆ ਸੀ ਕਿ ਸੁਪਰੀਮ ਕੋਰਟ ਦੇ ਲਕਸ਼ਮੀ ਨਾਰਾਇਣ ਮੋਦੀ ਬਨਾਮ ਭਾਰਤ ਸਰਕਾਰ (2003) ਮਾਮਲੇ ਵਿੱਚ ਦਿੱਤੇ ਗਏ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਨਹੀਂ ਕੀਤੀ ਜਾ ਰਹੀ। ਹਾਲਾਂਕਿ ਸਾਲ 2012 ਵਿੱਚ ਵੀ ਇੱਕ ਅਜਿਹੀ ਕਮੇਟੀ ਬਣਾਈ ਗਈ ਸੀ, ਪਰ ਪਟੀਸ਼ਨਕਰਤਾ ਅਨੁਸਾਰ ਉਹ ਕਮੇਟੀ ਪੂਰੀ ਤਰ੍ਹਾਂ ਨਿਸ਼ਕਿਰਿਆ ਰਹੀ। ਕਮੇਟੀ ਦੇ ਇੱਕ ਮੈਂਬਰ ਦੀ ਮੌਤ ਹੋ ਚੁੱਕੀ ਸੀ ਪਰ ਉਸ ਦੀ ਥਾਂ ਕੋਈ ਨਵੀਂ ਨਿਯੁਕਤੀ ਨਹੀਂ ਕੀਤੀ ਗਈ ਅਤੇ ਸਾਲਾਂ ਤੋਂ ਕੋਈ ਮੀਟਿੰਗ ਵੀ ਨਹੀਂ ਹੋਈ ਸੀ।

ਹਾਈ ਕੋਰਟ ਦੇ ਮੁੱਖ ਜੱਜ ਸ਼ੀਲ ਨਾਗੂ ਅਤੇ ਜੱਜ ਸੰਜੀਵ ਬੇਰੀ ਦੇ ਬੈਂਚ ਸਾਹਮਣੇ ਨਗਰ ਨਿਗਮ ਵੱਲੋਂ ਪੇਸ਼ ਕੀਤੇ ਗਏ ਜਵਾਬੀ ਬਿਆਨ ਵਿੱਚ ਦੱਸਿਆ ਗਿਆ ਕਿ ਪ੍ਰਸ਼ਾਸਨ ਨੇ 13 ਫਰਵਰੀ 2026 ਨੂੰ ਜਾਰੀ ਕੀਤੇ ਗਏ ਇੱਕ ਤਾਜ਼ਾ ਨੋਟੀਫਿਕੇਸ਼ਨ ਰਾਹੀਂ ਨਵੀਂ 13 ਮੈਂਬਰੀ ਕਮੇਟੀ ਦਾ ਗਠਨ ਕਰ ਦਿੱਤਾ ਹੈ। ਅਦਾਲਤ ਨੇ ਇਸ ਕਾਰਵਾਈ 'ਤੇ ਤਸੱਲੀ ਪ੍ਰਗਟ ਕਰਦਿਆਂ ਕਿਹਾ ਕਿ ਪਟੀਸ਼ਨਕਰਤਾ ਵੱਲੋਂ ਮੰਗੀ ਗਈ ਮੁੱਖ ਰਾਹਤ ਹੁਣ ਪ੍ਰਵਾਨ ਹੋ ਗਈ ਜਾਪਦੀ ਹੈ। ਇਸ ਨਵੀਂ ਕਮੇਟੀ ਕੋਲ ਸ਼ਹਿਰ ਵਿੱਚ ਗੈਰ-ਕਾਨੂੰਨੀ ਤਰੀਕੇ ਨਾਲ ਚੱਲ ਰਹੇ ਸਲਾਟਰ ਹਾਊਸਾਂ ਅਤੇ ਮੀਟ ਦੀਆਂ ਦੁਕਾਨਾਂ ਦੀ ਪਛਾਣ ਕਰਨ ਅਤੇ ਉਨ੍ਹਾਂ ਨੂੰ ਸੀਲ ਕਰਨ ਦੀਆਂ ਵਿਆਪਕ ਸ਼ਕਤੀਆਂ ਹੋਣਗੀਆਂ। ਸੁਪਰੀਮ ਕੋਰਟ ਦੇ ਹੁਕਮਾਂ ਅਨੁਸਾਰ, ਇਸ ਕਮੇਟੀ ਦੇ ਕੰਮਾਂ ਵਿੱਚ ਸਾਰੇ ਸਲਾਟਰ ਹਾਊਸਾਂ ਦੀ ਸੂਚੀ ਤਿਆਰ ਕਰਨਾ, ਪੁਰਾਣੇ ਯੂਨਿਟਾਂ ਦੇ ਆਧੁਨਿਕੀਕਰਨ ਦੀ ਸਿਫਾਰਸ਼ ਕਰਨਾ ਅਤੇ ਰਿਹਾਇਸ਼ੀ ਇਲਾਕਿਆਂ ਦੇ ਨੇੜੇ ਸਥਿਤ ਯੂਨਿਟਾਂ ਨੂੰ ਕਿਸੇ ਹੋਰ ਥਾਂ ਤਬਦੀਲ ਕਰਨਾ ਸ਼ਾਮਲ ਹੈ। ਇਸ ਤੋਂ ਇਲਾਵਾ, ਕਮੇਟੀ ਵਾਤਾਵਰਨ ਨੂੰ ਹੋਣ ਵਾਲੇ ਨੁਕਸਾਨ ਨੂੰ ਰੋਕਣ ਲਈ ਠੋਸ ਕੂੜਾ ਪ੍ਰਬੰਧਨ ਹਵਾ ਅਤੇ ਪਾਣੀ ਦੇ ਪ੍ਰਦੂਸ਼ਨ ਨੂੰ ਕੰਟਰੋਲ ਕਰਨ ਲਈ ਵੀ ਕਦਮ ਚੁੱਕੇਗੀ। ਕਮੇਟੀ ਇਹ ਵੀ ਯਕੀਨੀ ਬਣਾਏਗੀ ਕਿ ਜਾਨਵਰਾਂ ਪ੍ਰਤੀ ਕਿਸੇ ਵੀ ਕਿਸਮ ਦੀ ਬੇਰਹਿਮੀ ਨਾ ਹੋਵੇ ਅਤੇ ਸਾਰੇ ਯੂਨਿਟ ਫੂਡ ਸੇਫਟੀ ਐਂਡ ਸਟੈਂਡਰਡਜ਼ ਐਕਟ, 2006 ਅਤੇ ਪੰਜਾਬ ਮਿਊਂਸਪਲ ਕਾਰਪੋਰੇਸ਼ਨ ਐਕਟ, 1976 ਦੇ ਨਿਯਮਾਂ ਤਹਿਤ ਰਜਿਸਟਰਡ ਹੋਣ। ਨਗਰ ਨਿਗਮ ਪ੍ਰਸ਼ਾਸਨ ਦੇ ਸਹਿਯੋਗ ਨਾਲ ਲਗਾਤਾਰ ਚੈਕਿੰਗ ਮੁਹਿਮ ਚਲਾਏਗਾ ਤਾਂ ਜੋ ਬਿਨਾਂ ਲਾਇਸੈਂਸ ਤੋਂ ਚੱਲ ਰਹੇ ਕਾਰੋਬਾਰੀਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾ ਸਕੇ। ਅਦਾਲਤ ਵਿੱਚ ਪਟੀਸ਼ਨਕਰਤਾ ਵੱਲੋਂ ਐਡਵੋਕੇਟ ਸੌਰਭ ਭਾਟੀਆ ਪੇਸ਼ ਹੋਏ।

# ਪੰਜਾਬ ਵਿੱਚ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਸਿਆਸੀ ਸਰਗਰਮੀਆਂ ਹੋਈਆਂ ਤੇਜ਼




ਚੰਡੀਗੜ੍ਹ,12 ਅਪ੍ਰੈਲ (ਚ.ਨ.ਸ.) : ਪੰਜਾਬ ਵਿੱਚ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਸਿਆਸੀ ਸਰਗਰਮੀਆਂ ਤੇਜ਼ ਹੋ ਗਈਆਂ ਹਨ। ਸੂਬੇ ਦੀ ਸੱਤਾ 'ਤੇ ਮੁੜ ਕਾਬਜ਼ ਹੋਣ ਲਈ ਕਾਂਗਰਸ ਪਾਰਟੀ ਨੇ ਆਪਣੀ ਰਣਨੀਤੀ ਵਿੱਚ ਵੱਡਾ ਬਦਲਾਅ ਕਰਦਿਆਂ ਪੂਰੇ ਸੂਬੇ ਵਿੱਚ ਗੁਪਤ ਆਬਜ਼ਰਵਰ ( Hidden Observers) ਤਾਇਨਾਤ ਕਰ ਦਿੱਤੇ ਹਨ। ਪਾਰਟੀ ਹਾਈਕਮਾਨ ਦੇ ਨਿਰਦੇਸ਼ਾਂ 'ਤੇ ਚੁੱਕਿਆ ਗਿਆ ਇਹ ਕਦਮ ਜ਼ਮੀਨੀ ਪੱਧਰ 'ਤੇ ਲੋਕਾਂ ਦੀ ਨਬਜ਼ ਟੋਹਣ ਅਤੇ ਸੰਭਾਵੀ ਉਮੀਦਵਾਰਾਂ ਦੀ ਲਿਸਟ ਤਿਆਰ ਕਰਨ ਦੇ ਮਕਸਦ ਨਾਲ ਲਿਆ ਗਿਆ ਹੈ। ਸੂਤਰਾਂ ਮੁਤਾਬਕ ਕਾਂਗਰਸ ਨੇ ਵੱਖ-ਵੱਖ ਰਾਜਾਂ ਤੋਂ ਲਗਭਗ 45 ਤਜ਼ਰਬੇਕਾਰ ਆਬਜ਼ਰਵਰਾਂ ਨੂੰ ਪੰਜਾਬ ਭੇਜਿਆ ਹੈ। ਇਹਨਾਂ ਆਬਜ਼ਰਵਰਾਂ ਨੂੰ ਸੂਬੇ ਦੇ ਸਾਰੇ ਜ਼ਿਲ੍ਹਿਆਂ ਵਿੱਚ ਵੰਡਿਆ ਗਿਆ ਹੈ, ਜਿੱਥੇ ਉਹ ਗੁਪਤ ਤਰੀਕੇ ਨਾਲ ਸਰਵੇਖਣ ਕਰ ਰਹੇ ਹਨ। ਹਰ ਜ਼ਿਲ੍ਹੇ ਵਿੱਚ ਤਿੰਨ-ਤਿੰਨ ਆਬਜ਼ਰਵਰਾਂ ਦੀ ਡਿਊਟੀ ਲਗਾਈ ਗਈ ਹੈ, ਜੋ ਸਿੱਧੇ ਤੌਰ 'ਤੇ ਹਾਈਕਮਾਨ ਨੂੰ ਆਪਣੀ ਰਿਪੋਰਟ ਸੌਂਪਣਗੇ। ਇਹ ਟੀਮਾਂ ਸੂਬੇ ਦੇ ਸਮਾਜਿਕ ਸਮੀਕਰਨਾਂ, ਜਥੇਬੰਦਕ ਮਜ਼ਬੂਤੀ ਅਤੇ ਚੋਣ ਲੜਨ ਦੇ ਚਾਹਵਾਨ ਆਗੂਆਂ ਦੀ ਲੋਕਪ੍ਰਿਯਤਾ ਬਾਰੇ ਡੂੰਘਾਈ ਨਾਲ ਜਾਂਚ ਕਰ ਰਹੀਆਂ ਹਨ। ਪੰਜਾਬ ਕਾਂਗਰਸ ਲਈ ਅੰਦਰੂਨੀ ਗੁਟਬਾਜ਼ੀ ਹਮੇਸ਼ਾ ਇੱਕ ਵੱਡੀ ਚੁਣੌਤੀ ਰਹੀ ਹੈ। ਪਿਛਲੀਆਂ ਉਪ-ਚੋਣਾਂ ਵਿੱਚ ਹੋਈ ਹਾਰ ਦਾ ਮੁੱਖ ਕਾਰਨ ਵੀ ਆਪਸੀ ਫੁੱਟ ਨੂੰ ਹੀ ਮੰਨਿਆ ਜਾ ਰਿਹਾ ਹੈ। ਰਾਹੁਲ ਗਾਂਧੀ, ਕੇ.ਸੀ. ਵੇਣੂਗੋਪਾਲ ਅਤੇ ਪੰਜਾਬ ਮਾਮਲਿਆਂ ਦੇ ਇੰਚਾਰਜ ਭੁਪੇਸ਼ ਬਘੇਲ ਵੱਲੋਂ ਵਾਰ-ਵਾਰ ਚਿਤਾਵਨੀਆਂ ਦੇਣ ਦੇ ਬਾਵਜੂਦ ਕਈ ਸੀਨੀਅਰ ਆਗੂਆਂ ਵਿਚਾਲੇ ਖਿੱਚੋਤਾਣ ਜਾਰੀ ਹੈ। ਇਨ੍ਹਾਂ ਗੁਪਤ ਆਬਜ਼ਰਵਰਾਂ ਨੂੰ ਖਾਸ ਤੌਰ 'ਤੇ ਇਸ ਗੁਟਬਾਜ਼ੀ ਦੀ ਰਿਪੋਰਟ ਤਿਆਰ ਕਰਨ ਲਈ ਕਿਹਾ ਗਿਆ ਹੈ, ਤਾਂ ਜੋ ਚੋਣਾਂ ਤੋਂ ਪਹਿਲਾਂ ਪਾਰਟੀ ਨੂੰ ਇੱਕਜੁੱਟ ਕੀਤਾ ਜਾ ਸਕੇ। ਰਾਹੁਲ ਗਾਂਧੀ ਨੇ ਪਹਿਲਾਂ ਹੀ ਸਪੱਸ਼ਟ ਕਰ ਦਿੱਤਾ ਹੈ ਕਿ ਜੋ ਆਗੂ ਟੀਮ ਵਾਂਗ ਕੰਮ ਨਹੀਂ ਕਰਨਗੇ, ਉਨ੍ਹਾਂ ਨੂੰ ਆਉਣ ਵਾਲੇ ਸਮੇਂ ਵਿੱਚ ਰਿਜ਼ਰਵ ਬੈਂਚ 'ਤੇ ਬੈਠਣਾ ਪੈ ਸਕਦਾ ਹੈ।ਕਾਂਗਰਸ ਪਾਰਟੀ ਇਸ ਵਾਰ ਅੰਕੜਿਆਂ ਅਤੇ ਡਾਟਾ ਦੇ ਆਧਾਰ 'ਤੇ ਆਪਣੀ ਰਣਨੀਤੀ ਤਿਆਰ ਕਰ ਰਹੀ ਹੈ। ਆਬਜ਼ਰਵਰਾਂ ਦੇ ਸਰਵੇਖਣ ਦੇ ਨਾਲ-ਨਾਲ ਹਰ ਜ਼ਿਲ੍ਹੇ ਵਿੱਚ ਇੱਕ ਸਮਾਨੰਤਰ ਸਰਵੇਖਣ ਵੀ ਕਰਵਾਇਆ ਜਾ ਰਿਹਾ ਹੈ। ਇਨ੍ਹਾਂ ਦੋਵਾਂ ਰਿਪੋਰਟਾਂ ਦੇ ਮਿਲਾਨ ਤੋਂ ਬਾਅਦ ਹੀ ਉਮੀਦਵਾਰਾਂ ਦੀ ਚੋਣ ਕੀਤੀ ਜਾਵੇਗੀ। ਪਾਰਟੀ ਦਾ ਮੁੱਖ ਜ਼ੋਰ ਅਨੁਸੂਚਿਤ ਜਾਤੀਆਂ ਅਤੇ ਪੱਛੜੀਆਂ ਸ਼੍ਰੇਣੀਆਂ ਨੂੰ ਬਣਦੀ ਨੁਮਾਇੰਦਗੀ ਦੇਣ 'ਤੇ ਹੈ। ਸ਼ਹਿਰੀ ਖੇਤਰਾਂ ਜਿਵੇਂ ਕਿ ਲੁਧਿਆਣਾ, ਅੰਮ੍ਰਿਤਸਰ ਅਤੇ ਜਲੰਧਰ ਵਿੱਚ ਹਿੰਦੂ ਆਗੂਆਂ ਨੂੰ ਤਰਜੀਹ ਦੇਣ ਦੀ ਯੋਜਨਾ ਹੈ, ਜਦੋਂਕਿ ਪੇਂਡੂ ਹਲਕਿਆਂ ਵਿੱਚ ਜੱਟ ਸਿੱਖ ਚਿਹਰਿਆਂ 'ਤੇ ਦਾਅ ਖੇਡਿਆ ਜਾਵੇਗਾ। ਇੱਕ ਪਾਸੇ ਜਿੱਥੇ ਪਾਰਟੀ ਚੋਣਾਂ ਦੀ ਤਿਆਰੀ ਕਰ ਰਹੀ ਹੈ, ਉੱਥੇ ਹੀ ਪੰਜਾਬ ਵੇਅਰਹਾਊਸਿੰਗ ਕਾਰਪੋਰੇਸ਼ਨ ਦੇ ਜ਼ਿਲ੍ਹਾ ਮੈਨੇਜਰ ਡਾ. ਗਗਨਦੀਪ ਸਿੰਘ ਰੰਧਾਵਾ ਦੀ ਖ਼ੁਦਕੁਸ਼ੀ ਦੇ ਮਾਮਲੇ ਨੇ ਸੂਬਾ ਕਾਂਗਰਸ ਅੰਦਰ ਨਵੀਂ ਚਰਚਾ ਛੇੜ ਦਿੱਤੀ ਹੈ। ਪਾਰਟੀ ਦੇ ਚਾਰ ਸੰਸਦ ਮੈਂਬਰਾਂ—ਸੁਖਜਿੰਦਰ ਸਿੰਘ ਰੰਧਾਵਾ, ਗੁਰਜੀਤ ਸਿੰਘ ਔਜਲਾ, ਚਰਨਜੀਤ ਸਿੰਘ ਚੰਨੀ ਅਤੇ ਧਰਮਵੀਰ ਗਾਂਧੀ—ਵੱਲੋਂ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨਾਲ ਮੁਲਾਕਾਤ ਕਰਕੇ ਸੀਬੀਆਈ ਜਾਂਚ ਦੀ ਮੰਗ ਕੀਤੀ ਗਈ ਹੈ। ਹਾਲਾਂਕਿ, ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਅਤੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਅਦਾਲਤ ਦੀ ਨਿਗਰਾਨੀ ਹੇਠ ਜਾਂਚ ਦੀ ਮੰਗ ਕਰ ਰਹੇ ਹਨ, ਜਿਸ ਕਾਰਨ ਪਾਰਟੀ ਅੰਦਰ ਵਿਚਾਰਧਾਰਕ ਵੱਖਰੇਵੇਂ ਸਾਹਮਣੇ ਆ ਰਹੇ ਹਨ। ਕੁੱਲ ਮਿਲਾ ਕੇ, ਕਾਂਗਰਸ ਹਾਈਕਮਾਨ ਇਸ ਵਾਰ ਕੋਈ ਵੀ ਜੋਖਮ ਉਠਾਉਣ ਦੇ ਮੂਡ ਵਿੱਚ ਨਹੀਂ ਹੈ ਅਤੇ ਮਿਸ਼ਨ 2027 ਲਈ ਸਿੱਧਾ ਕੰਟਰੋਲ ਆਪਣੇ ਹੱਥਾਂ ਵਿੱਚ ਰੱਖ ਰਹੀ ਹੈ।

# ਸੜਕ ਹਾਦਸੇ ਵਿਚ ਕਾਰ ਸਵਾਰ ਇੱਕ ਵਿਅਕਤੀ ਦੀ ਮੌਤ

ਰਾਜਪੁਰਾ, 12 ਅਪ੍ਰੈਲ (ਸ੍ਰੰਜੀਵ ਕੁਮਾਰ) : ਥਾਣਾ ਸਿਟੀ ਪੁਲਿਸ ਨੇ ਓਵਰ ਬ੍ਰਿਜ ਉਤੇ ਖੜੇ ਟਰੱਕ ਦੇ ਵਿੱਚ ਕਾਰ ਦੇ ਟਕਰਾਉਣ ਦੇ ਨਾਲ ਕਾਰ ਸਵਾਰ ਇੱਕ ਵਿਅਕਤੀ ਦੀ ਮੌਤ ਹੋ ਜਾਣ ਉੱਤੇ ਟਰੱਕ ਚਾਲਕ ਦੇ ਖਿਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਥਾਣਾ ਸਿਟੀ ਪੁਲਿਸ ਕੋਲ ਸ਼ਿਵਮ ਵਾਸੀ ਸੈਕੰਡ ਫਲੋਰ ਫਰੰਟ ਸਾਈਡ ਪਾਰਕ ਵਾਲੀ ਗਲੀ ਸੁਭਾਸ਼ ਨਗਰ ਦਿੱਲੀ ਨੇ ਬਿਆਨ ਦਰਜ ਕਰਵਾਏ ਗਏ ਜਦੋਂ ਉਹ ਆਪਣੇ ਦੋਸਤ ਰੋਹਿਤ ਵਾਸੀ ਦਿੱਲੀ ਦੇ ਨਾਲ ਗੱਡੀ ਵਿੱਚ ਸਵਾਰ ਹੋ ਕੇ ਰਾਜਪੁਰਾ ਫਲਾਈ ਓਵਰ ਦੇ ਲੰਘ ਰਿਹਾ ਸੀ ਤਾਂ ਫਲਾਈ ਓਵਰ ਦੇ ਉੱਪਰ ਸੜਕ ਕਿਨਾਰੇ ਬਿਨਾਂ ਕਿਸੇ ਰਿਫਲੈਕਟਰ ਲਾਈਟਾਂ ਦੇ ਇੱਕ ਟਰੱਕ ਖੜਾ ਕੀਤਾ ਹੋਇਆ ਸੀ ਦੇ ਵਿੱਚ ਉਹਨਾਂ ਦੀ ਗੱਡੀ ਟਕਰਾ ਗਈ। ਇਸ ਸੜਕ ਹਾਦਸੇ ਵਿੱਚ ਉਸ ਦੇ ਦੋਸਤ ਰੋਹਿਤ ਦੀ ਮੌਕੇ ਉੱਤੇ ਹੀ ਮੌਤ ਹੋ ਗਈ। ਜਿਸ ਤੇ ਥਾਣਾ ਸਿਟੀ ਪੁਲਿਸ ਨੇ ਉਕਤ ਸੜਕ ਹਾਦਸੇ ਵਿੱਚ ਟਰੱਕ ਡਰਾਈਵਰ ਬਲਵਿੰਦਰ ਕੁਮਾਰ ਵਾਸੀ ਪਿੰਡ ਸੰਧੇਵਾਲ ਜ਼ਿਲ੍ਹਾ ਹੁਸ਼ਿਆਰਪੁਰ ਦੇ ਖਿਲਾਫ ਵੱਖ-ਵੱਖ ਧਰਾਵਾਂ ਹੇਠ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਦਹੇਜ ਮਾਮਲੇ ਵਿਚ ਕੁੱਟਮਾਰ ਕਰਨ ਅਤੇ ਜਾਨੋ ਮਾਰਨ ਦੀਆਂ ਧਮਕੀਆਂ ਦੇਣ ਉੱਤੇ ਪਤੀ ਸਣੇ ਤਿੰਨ ਨਾਮਜ਼ਦ

ਰਾਜਪੁਰਾ, 12 ਅਪ੍ਰੈਲ (ਸੰਜੀਵ ਕੁਮਾਰ) : ਥਾਣਾ ਖੇੜੀ ਗੰਡਿਆਂ ਪੁਲਿਸ ਨੇ ਦਹੇਜ ਦੇ ਮਾਮਲੇ ਦੇ ਵਿੱਚ ਇੱਕ ਵਿਆਹੁਤਾ ਔਰਤ ਦੇ ਨਾਲ ਕੁੱਟਮਾਰ ਕਰਨ ਅਤੇ ਜਾਨੋਂ ਮਾਰਨ ਦੀਆਂ ਧਮਕੀਆਂ ਦੇਣ ਉੱਤੇ ਪੀੜਤਾ ਦੇ ਪਤੀ ਸਣੇ ਸੱਸ ਤੇ ਸੋਹਰੇ ਦੇ ਖਿਲਾਫ ਵੱਖ ਵੱਖ ਧਰਾਵਾਂ ਹੇਠ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਥਾਣਾ ਖੇੜੀ ਗੰਡਿਆ ਪੁਲਿਸ ਕੋਲ ਮਨੀਸ਼ਾ ਪਤਨੀ ਪਰਮਿੰਦਰ ਸਿੰਘ ਵਾਸੀ ਪਿੰਡ ਮੰਡਿਆਣਾ ਨੇ ਬਿਆਨ ਦਰਜ ਕਰਵਾਏ ਕੇ ਉਸ ਦਾ ਵਿਆਹ ਪਰਮਿੰਦਰ ਸਿੰਘ ਵਾਸੀ ਪਿੰਡ ਮੰਡਿਆਣਾ ਦੇ ਨਾਲ 10 ਅਪ੍ਰੈਲ 2026 ਨੂੰ ਹੋਇਆ ਸੀ, ਜਿਸ ਦੇ ਸਹੁਰੇ ਪਰਿਵਾਰ ਵੱਲੋਂ ਉਸ ਨੂੰ ਦਾਲ ਦਹੇਜ ਹੋਰ ਲਿਆਉਣ ਦੀ ਮੰਗ ਨੂੰ ਲੈ ਕੇ ਕੁੱਟਮਾਰ ਕੀਤੀ ਅਤੇ ਜਾਨੋ ਮਾਰਨ ਦੀਆਂ ਧਮਕੀਆਂ ਦਿੱਤੀਆਂ, ਜਿਸ 'ਤੇ ਥਾਣਾ ਖੇੜੀ ਗੰਡਿਆ ਪੁਲਿਸ ਨੇ ਪੀੜਤਾਂ ਦੇ ਬਿਆਨਾਂ ਦੇਅਧਾਰ ਉੱਤੇ ਉਸਦੇ ਪਤੀ ਪਰਮਿੰਦਰ ਸਿੰਘ, ਸੱਸ ਜਰਨੈਲ ਕੌਰ ਅਤੇ ਸੋਹਰੇ ਪਰਮਜੀਤ ਸਿੰਘ ਵਾਸੀ ਮਨਿਆਣਾ ਦੇ ਖਿਲਾਫ ਵੱਖ-ਵੱਖ ਧਰਾਵਾਂ ਹੇਠ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।



ਨਵਾਂ ਗਰਾਉਂ ਦੇ ਵਾਰਡ ਨੰਬਰ 12 ਨਵਜੋਤ ਸਿੰਘ ਨਾਗਰਾ ਦੇ ਗ੍ਰਹਿ ਵਿਖੇ ਸ ਰਣਜੀਤ ਸਿੰਘ ਗਿੱਲ ਨੇ ਵਰਕਰਾਂ ਨਾਲ ਮੀਟਿੰਗ ਕੀਤੀ ਇਸ ਮੌਕੇ ਵੱਡੀ ਗਿਣਤੀ ਵਿੱਚ ਲੋਕਾਂ ਨੇ ਭਾਰਤੀ ਜਨਤਾ ਪਾਰਟੀ ਵਿੱਚ ਸ਼ਮੂਲੀਅਤ ਕੀਤੀ

ਇਸ ਮੌਕੇ ਮੰਡਲ ਪ੍ਰਧਾਨ ਭੁਪਿੰਦਰ ਭੂਪੀ ਸੁਰਿੰਦਰ ਬੱਬਲ ਰਵਨੀਤ ਬੈਂਸ ਦਵਿੰਦਰ ਮੰਡ ਮੱਖਣ ਗੁੱਜਰ ਸ਼ੁਭਮ ਉਚੇਚੇ ਤੌਰ 'ਤੇ ਹਾਜ਼ਰ ਸਨ। (ਫੋਟੋ ਤੇ ਵੇਰਵਾ : ਅਸ਼ਵਨੀ ਗੌੜ)

# ਪੀਣ ਵਾਲੇ ਪਾਣੀ ਦੀ ਸਪਲਾਈ ਪਾਈਪ ਲਾਈਨ ਲਈ ਆਵਾਜਾਈ ਰਹਿਤ 10 ਫੁੱਟ ਚੌੜਾ ਪੁੱਲ ਬਣੇਗਾ : ਵਿਧਾਇਕ ਚੱਢਾ



ਰੂਪਨਗਰ, 12 ਅਪ੍ਰੈਲ ( ਅਮਿਤ ਅਰੋੜਾ ) : ਰੂਪਨਗਰ ਸ਼ਹਿਰ ਵਿੱਚ ਲੰਬੇ ਸਮੇਂ ਤੋਂ ਚੱਲ ਰਹੀ ਪੀਣ ਵਾਲੇ ਪਾਣੀ ਦੀ ਕਮੀ ਨੂੰ ਦੂਰ ਕਰਨ ਲਈ ਹਲਕਾ ਵਿਧਾਇਕ ਐਡਵੋਕੇਟ ਦਿਨੇਸ਼ ਚੱਢਾ ਵੱਲੋਂ ਇੱਕ ਵੱਡਾ ਤੇ ਤਕਨੀਕੀ ਪੱਧਰ 'ਤੇ ਮਹੱਤਵਪੂਰਨ ਪ੍ਰੋਜੈਕਟ ਸ਼ੁਰੂ ਕੀਤਾ ਜਾ ਰਿਹਾ ਹੈ। ਇਸ ਪ੍ਰੋਜੈਕਟ ਦੇ ਤਹਿਤ ਸ਼ਹਿਰ ਲਈ ਨਵੀਂ ਹਾਈ-ਕੈਪੈਸਿਟੀ ਪਾਈਪਲਾਈਨ ਵਿਛਾਉਣ ਦੇ ਨਾਲ-ਨਾਲ ਸਰਹਿੰਦ ਨਹਿਰ 'ਤੇ ਸਿਰਫ ਪਾਣੀ ਸਪਲਾਈ ਲਈ ਇੱਕ ਵੱਖਰਾ ਪੁਲ ਤਿਆਰ ਕੀਤਾ ਜਾਵੇਗਾ।ਵਿਧਾਇਕ ਚੱਢਾ ਨੇ ਦੱਸਿਆ ਕਿ ਰੂਪਨਗਰ ਦੀ ਆਬਾਦੀ ਵਿੱਚ ਪਿਛਲੇ ਤਿੰਨ ਦਹਾਕਿਆਂ ਦੌਰਾਨ ਕਾਫੀ ਵਾਧਾ ਹੋਇਆ ਹੈ, ਜਿਸ ਕਾਰਨ ਮੌਜੂਦਾ ਟਿਊਬਵੈੱਲ ਪ੍ਰਣਾਲੀ ਸ਼ਹਿਰ ਦੀ ਪਾਣੀ ਦੀ ਮੰਗ ਨੂੰ ਪੂਰਾ ਕਰਨ ਵਿੱਚ ਅਸਮਰੱਥ ਸਾਬਤ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਭਾਖੜਾ ਨਹਿਰ ਤੋਂ ਆਉਣ ਵਾਲੀ ਪਾਣੀ ਸਪਲਾਈ ਲਾਈਨ 1992 ਵਿੱਚ ਵਿਛਾਈ ਗਈ ਸੀ, ਜਿਸਦੀ ਸਮਰੱਥਾ ਅੱਜ ਦੇ ਲੋਡ ਮੁਤਾਬਕ ਘੱਟ ਪੈ ਰਹੀ ਹੈ। ਉਨ੍ਹਾਂ ਅਨੁਸਾਰ ਨਵੇਂ ਪ੍ਰੋਜੈਕਟ ਹੇਠ ਲਗਭਗ 600 ਮਿਲੀਮੀਟਰ ਡਾਇਮੀਟਰ ਦੀ ਵੱਡੀ ਪਾਈਪਲਾਈਨ ਤਕਰੀਬਨ 600 ਮੀਟਰ ਤੱਕ ਵਿਛਾਈ ਜਾਵੇਗੀ, ਜੋ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਵਿੱਚ ਪਾਣੀ ਦੀ ਸਪਲਾਈ ਨੂੰ ਮਜ਼ਬੂਤ ਬਣਾਏਗੀ। ਪ੍ਰੋਜੈਕਟ ਦੇ ਤਕਨੀਕੀ ਪੱਖਾਂ ਬਾਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਕਿਹਾ ਕਿ ਮੌਜੂਦਾ ਪੁਲਾਂ ਜਾਂ ਸਰਹਿੰਦ ਨਹਿਰ ਦੇ ਢਾਂਚੇ ਉੱਤੇ ਇਸ ਪਾਈਪਲਾਈਨ ਨੂੰ ਲੰਘਾਉਣਾ ਸੰਭਵ ਨਹੀਂ ਸੀ, ਜਿਸ ਕਾਰਨ ਵੱਖਰੇ ਪੁਲ ਦਾ ਨਿਰਮਾਣ ਕਰਨ ਦਾ ਫੈਸਲਾ ਲਿਆ ਗਿਆ ਹੈ। ਇਸ ਤਹਿਤ ਗਿਆਨੀ ਜੈਲ ਸਿੰਘ ਨਗਰ ਦੇ ਨੇੜੇ ਸਰਹਿੰਦ ਨਹਿਰ ਉੱਤੇ ਮੌਜੂਦਾ ਪੁਲ ਤੋਂ ਲਗਭਗ 10 ਫੁੱਟ ਦੂਰੀ 'ਤੇ ਇੱਕ ਨਵਾਂ ਪੁਲ ਬਣਾਇਆ ਜਾਵੇਗਾ। ਇਹ ਪੁਲ ਕਰੀਬ 10 ਫੁੱਟ ਚੌੜਾ ਹੋਵੇਗਾ ਅਤੇ ਇਸਦੀ ਵਰਤੋਂ ਸਿਰਫ ਪਾਣੀ ਦੀ ਪਾਈਪਲਾਈਨ ਵਿਛਾਉਣ ਲਈ ਹੀ ਕੀਤੀ ਜਾਵੇਗੀ। ਇਸ ਉੱਤੇ ਕਿਸੇ ਵੀ ਤਰ੍ਹਾਂ ਦੀ ਆਵਾਜਾਈ ਮਨਾਹੀ ਰਹੇਗੀ, ਜਿਸ ਨਾਲ ਸੁਰੱਖਿਆ ਅਤੇ ਪ੍ਰੋਜੈਕਟ ਦੀ ਟਿਕਾਊਪਣ ਨੂੰ ਯਕੀਨੀ ਬਣਾਇਆ ਜਾਵੇਗਾ। ਵਿਧਾਇਕ ਚੱਢਾ ਨੇ ਕਿਹਾ ਕਿ ਇਹ ਪ੍ਰੋਜੈਕਟ ਦਹਾਕਿਆਂ ਪੁਰਾਣੀ ਸਮੱਸਿਆ ਦਾ ਢੰਗ ਨਾਲ ਅਤੇ ਸਥਾਈ ਹੱਲ ਮੁਹੱਈਆ ਕਰੇਗਾ। ਉਨ੍ਹਾਂ ਦੱਸਿਆ ਕਿ ਪੁਲ ਦੇ ਨਿਰਮਾਣ ਲਈ ਲਗਭਗ 3 ਤੋਂ 4 ਮਹੀਨੇ ਦਾ ਸਮਾਂ ਲੱਗਣ ਦੀ ਸੰਭਾਵਨਾ ਹੈ, ਜਿਸ ਤੋਂ ਬਾਅਦ ਪਾਈਪ ਲਾਈਨ ਵਿਛਾਉਣ ਦਾ ਕੰਮ ਤੇਜ਼ੀ ਨਾਲ ਮੁਕੰਮਲ ਕੀਤਾ ਜਾਵੇਗਾ।ਉਨ੍ਹਾਂ ਇਹ ਵੀ ਵਿਸ਼ਵਾਸ ਜਤਾਇਆ ਕਿ ਪ੍ਰੋਜੈਕਟ ਪੂਰਾ ਹੋਣ ਉਪਰੰਤ ਰੂਪਨਗਰ ਦੇ ਸਾਰੇ ਇਲਾਕਿਆਂ ਵਿੱਚ ਪੀਣ ਵਾਲੇ ਪਾਣੀ ਦੀ ਸਪਲਾਈ ਸੁਚਾਰੂ ਅਤੇ ਪ੍ਰਚੁਰ ਮਾਤਰਾ ਵਿੱਚ ਯਕੀਨੀ ਬਣੇਗੀ, ਜਿਸ ਨਾਲ ਸ਼ਹਿਰ ਵਾਸੀਆਂ ਨੂੰ ਵੱਡੀ ਰਾਹਤ ਮਿਲੇਗੀ।

# ਆਭਾਰ 2026: ਸੀ ਟੀ ਗਰੁੱਪ ਨੇ ਸੀ ਟੀ ਯੂਨੀਵਰਸਿਟੀ ਵਿੱਚ ਮਨਾਇਆ ਸਮਰਪਣ, ਵਿਸ਼ਵਾਸ ਅਤੇ ਉਤਕ੍ਰਿਸ਼ਟਤਾ ਦਾ ਜਸ਼ਨ




ਲੁਧਿਆਣਾ,12 ਅਪ੍ਰੈਲ(ਜਤਿੰਦਰਪਾਲ ਸਿੰਘ ਛਾਬੜਾ) : ਸੀ ਟੀ ਯੂਨੀਵਰਸਿਟੀ ਵਿੱਚ ਸਾਲਾਨਾ ਧੰਨਵਾਦ ਸਮਾਰੋਹ ਆਭਾਰ 2026 ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ 1000 ਤੋਂ ਵੱਧ ਕਰਮਚਾਰੀਆਂ ਨੇ ਭਾਗ ਲਿਆ। ਇਹ ਪ੍ਰੋਗਰਾਮ ਇੱਕ ਭਵਿਆ ਜਸ਼ਨ ਵਜੋਂ ਮਨਾਇਆ ਗਿਆ, ਜਿਸ ਵਿੱਚ ਸਮਰਪਣ, ਏਕਤਾ ਅਤੇ ਕਾਮਯਾਬੀ ਦਾ ਉਤਸਵ ਵੇਖਣ ਨੂੰ ਮਿਲਿਆ।

ਇਹ ਸਮਾਰੋਹ ਉਹਨਾਂ ਸਭ ਲੋਕਾਂ ਪ੍ਰਤੀ ਕ੍ਰਿਤਜਤਾ ਜਤਾਉਣ ਦਾ ਇੱਕ ਖਾਸ ਮੌਕਾ ਸੀ, ਜਿਨ੍ਹਾਂ ਨੇ ਸਾਲਾਂ ਤੋਂ ਸੰਸਥਾ ਦੀ ਤਰੱਕੀ ਅਤੇ ਪਛਾਣ ਬਣਾਉਣ ਵਿੱਚ ਅਹਿਮ ਯੋਗਦਾਨ ਪਾਇਆ ਹੈ। ਪ੍ਰੋਗਰਾਮ ਦੌਰਾਨ ਉਹਨਾਂ ਕਰਮਚਾਰੀਆਂ ਨੂੰ ਸਨਮਾਨਿਤ ਕੀਤਾ ਗਿਆ, ਜਿਨ੍ਹਾਂ ਨੇ ਸੀ ਟੀ ਗਰੁੱਪ ਨਾਲ 3+, 5+, 10+, 15+, 20+ ਅਤੇ 25+ ਸਾਲਾਂ ਦਾ ਸਫਰ ਪੂਰਾ ਕੀਤਾ। ਇਸ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਬ੍ਰਿਗੇਡੀਅਰ ਪਰਮਜੀਤ ਸਿੰਘ ਚੀਮਾ ਹਾਜ਼ਰ ਰਹੇ। ਆਪਣੇ ਸੰਬੋਧਨ ਵਿੱਚ ਉਨ੍ਹਾਂ ਨੇ ਸੰਸਥਾ ਦੇ ਵਿਜ਼ਨ ਅਤੇ ਕਰਮਚਾਰੀਆਂ ਦੀ ਮਿਹਨਤ ਦੀ ਪ੍ਰਸ਼ੰਸਾ ਕੀਤੀ ਅਤੇ ਇਸਨੂੰ ਇੱਕ ਪ੍ਰਗਤੀਸ਼ੀਲ ਸ਼ਿਕਸ਼ਣਕ ਮਾਹੌਲ ਦਾ ਉਦਾਹਰਨ ਦੱਸਿਆ। ਵੱਖ-ਵੱਖ ਕੈਂਪਸਾਂ ਦੇ ਕਰਮਚਾਰੀਆਂ ਨੇ ਸ਼ਾਨਦਾਰ ਸਾਂਸਕ੍ਰਿਤਿਕ ਪ੍ਰਸਤੁਤੀਆਂ ਦਿੱਤੀਆਂ। ਸੀ ਟੀ ਯੂਨੀਵਰਸਿਟੀ, ਸੀ ਟੀ ਗਰੁੱਪ ਸ਼ਾਹਪੁਰ ਕੈਂਪਸ, ਸੀ ਟੀ ਗਰੁੱਪ ਮਕਸੂਦਨ ਕੈਂਪਸ, ਸੀ ਟੀ ਪਬਲਿਕ ਸਕੂਲ ਅਤੇ ਸੀ ਟੀ ਵਰਲਡ ਸਕੂਲ ਦੇ ਭਾਗੀਦਾਰਾਂ ਨੇ ਭੰਗੜਾ, ਨਾਟਕ ਅਤੇ ਫੈਸ਼ਨ ਸ਼ੋ ਰਾਹੀਂ ਆਪਣੀ ਕਲਾ ਅਤੇ ਜੋਸ਼ ਦਾ ਪ੍ਰਦਰਸ਼ਨ ਕੀਤਾ।ਇਸ ਤੋਂ ਇਲਾਵਾ, ਪ੍ਰੋਗਰਾਮ ਵਿੱਚ ਮਨੋਰੰਜਕ ਖੇਡਾਂ ਅਤੇ ਇੰਟਰਐਕਟਿਵ ਗਤੀਵਿਧੀਆਂ ਵੀ ਆਯੋਜਿਤ ਕੀਤੀਆਂ ਗਈਆਂ, ਜਿਸ ਨਾਲ ਕਰਮਚਾਰੀਆਂ ਵਿੱਚ ਖੁਸ਼ੀ ਅਤੇ ਆਪਸੀ ਜੁੜਾਅ ਵਧਿਆ।ਇਸ ਮੌਕੇ 'ਤੇ ਚਾਂਸਲਰ ਸਰਦਾਰ ਚਰਨਜੀਤ ਸਿੰਘ ਚੰਨੀ, ਕੋ-ਚੇਅਰਪਰਸਨ ਪਰਮਿੰਦਰ ਕੌਰ ਚੰਨੀ, ਪ੍ਰੋ ਚਾਂਸਲਰ ਡਾ. ਮਨਬੀਰ ਸਿੰਘ, ਜੋਇੰਟ ਮੈਨੇਜਿੰਗ ਡਾਇਰੈਕਟਰ ਤਨਿਕਾ ਸਿੰਘ, ਵਾਈਸ ਚੇਅਰਮੈਨ ਹਰਪ੍ਰੀਤ ਸਿੰਘ, ਕੋ-ਵਾਈਸ ਚੇਅਰਪਰਸਨ ਐਡਵੋਕੇਟ ਮੰਜਿੰਦਰ ਕੌਰ ਅਤੇ ਵਾਈਸ ਚਾਂਸਲਰ ਡਾ. ਨਿਤਿਨ ਟੰਡਨ ਵੀ ਮੌਜੂਦ ਰਹੇ। ਡਾ. ਸ਼ਿਵ ਕੁਮਾਰ (ਸ਼ਾਹਪੁਰ ਕੈਂਪਸ), ਡਾ. ਅਨੁਰਾਗ ਸ਼ਰਮਾ (ਮਕਸੂਦਨ ਕੈਂਪਸ), ਆਰਤੀ ਜਸਵਾਲ (ਪ੍ਰਿੰਸੀਪਲ, ਸੀ ਟੀ ਵਰਲਡ ਸਕੂਲ) ਅਤੇ ਮਨੀਸ਼ਾ ਬਸਨੇਟ (ਪ੍ਰਿੰਸੀਪਲ, ਸੀ ਟੀ ਪਬਲਿਕ ਸਕੂਲ) ਸ਼ਾਮਲ ਹਨ।

# ਪੰਜਾਬ ਮੰਡੀ ਬੋਰਡ ਕਿਸਾਨਾਂ ਅਤੇ ਖੇਤ ਮਜ਼ਦੂਰਾਂ ਨੂੰ ਦਿੰਦਾ ਹੈ ਆਰਥਿਕ ਸਹਾਇਤਾ : ਚੇਅਰਮੈਨ ਦੀਪਕ ਸੂਦ



ਰਾਜਪੁਰਾ, 12 ਅਪ੍ਰੈਲ (ਸੰਜੀਵ ਕੁਮਾਰ ) : ਪੰਜਾਬ ਸਰਕਾਰ ਦੇ ਖੇਤੀਬਾੜੀ ਨਾਲ ਸੰਬੰਧਿਤ ਅਦਾਰੇ ਪੰਜਾਬ ਮੰਡੀ ਬੋਰਡ ਵੱਲੋਂ ਕਿਸਾਨਾਂ ਅਤੇ ਖੇਤ ਮਜ਼ਦੂਰਾਂ ਜਾਂ ਮੰਡੀਆਂ ਵਿੱਚ ਕੰਮ ਕਰਦੇ ਮਜ਼ਦੂਰਾਂ ਨੂੰ ਹਾਦਸਿਆਂ ਦੀ ਸੂਰਤ ਵਿੱਚ ਵਿੱਤੀ ਸਹਾਇਤਾ ਦਿੱਤੀ ਜਾਂਦੀ ਹੈ।ਇਹ ਜਾਣਕਾਰੀ ਮਾਰਕੀਟ ਕਮੇਟੀ ਰਾਜਪੁਰਾ ਦੇ ਚੇਅਰਮੈਨ ਅਤੇ ਆਪ ਦੇ ਉੱਘੇ ਆਗੂ ਦੀਪਕ ਸੂਦ ਵੱਲੋਂ ਇੱਕ ਪ੍ਰੈੱਸ ਬਿਆਨ ਰਾਹੀਂ ਦਿੱਤੀ ਗਈ। ਚੇਅਰਮੈਨ ਦੀਪਕ ਸੂਦ ਨੇ ਕਿਸਾਨਾਂ ਅਤੇ ਮਜ਼ਦੂਰਾਂ ਨੂੰ ਜਾਣਕਾਰੀ ਦਿੱਤੀ ਕਿ ਪੰਜਾਬ ਮੰਡੀ ਬੋਰਡ ਵੱਲੋਂ ਕਿਸੇ ਕਿਸਾਨ ਜਾਂ ਮਜ਼ਦੂਰ ਦੀ ਖੇਤੀਬਾੜੀ ਨਾਲ ਸੰਬੰਧਿਤ ਹਾਦਸੇ ਵਿੱਚ ਮੌਤ ਹੋਣ ਦੀ ਸੂਰਤ ਵਿੱਚ 3 ਲੱਖ ਰੁਪਏ, ਚਾਰ ਉਂਗਲਾਂ ਕੱਟੇ ਜਾਣ ਤੇ 48,000 ਰੁਪਏ,ਦੋ ਅੰਗ ਕੱਟੇ ਜਾਣ ਤੇ 72,000, ਰੁਪਏ ਅਤੇ ਇਕ ਉਂਗਲ ਜਾਂ ਇੱਕ ਅੰਗੂਠਾ ਕੱਟਿਆ ਜਾਣ 'ਤੇ 12,000 ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਜਾਂਦੀ ਹੈ। ਇਸੇ ਪ੍ਰਕਾਰ ਜੇ ਕੋਈ ਵੀ ਕਿਸਾਨ ਜਾਂ ਮਜ਼ਦੂਰ ਖੇਤੀਬਾੜੀ ਨਾਲ ਸੰਬੰਧਿਤ ਹਾਦਸੇ ਵਿੱਚ 25 ਤੋਂ 50 ਫੀਸਦੀ ਤੱਕ ਸਰੀਰਕ ਨਕਾਰੇਪਣ ਦਾ ਸ਼ਿਕਾਰ ਹੋ ਜਾਂਦਾ ਹੈ, ਤਾਂ ਉਸ ਨੂੰ 60000 ਰੁਪਏ, 51 ਤੋਂ 75 ਫੀਸਦੀ ਤੱਕ 90,000ਅਤੇ 76 ਤੋਂ 100 ਫੀਸਦੀ ਨਕਾਰੇਪਣ ਵਾਲੇ ਵਿਅਕਤੀ ਨੂੰ 1,20000 ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਜਾਂਦੀ ਹੈ। ਸ੍ਰੀ ਸੂਦ ਨੇ ਕਿਹਾ ਕਿ ਬਹੁਤੇ ਕਿਸਾਨ ਭਰਾਵਾਂ ਅਤੇ ਮਜ਼ਦੂਰਾਂ ਨੂੰ ਪੰਜਾਬ ਸਰਕਾਰ ਅਤੇ ਪੰਜਾਬ ਮੰਡੀ ਬੋਰਡ ਵੱਲੋਂ ਉਹਨਾਂ ਦੀ ਭਲਾਈ ਲਈ ਚਲਾਈਆਂ ਜਾਂਦੀਆਂ ਯੋਜਨਾਵਾਂ ਦਾ ਪਤਾ ਹੀ ਨਹੀਂ ਹੈ,ਇਸ ਕਾਰਨ ਉਹ ਖੇਤੀਬਾੜੀ ਨਾਲ ਸੰਬੰਧਿਤ ਹਾਦਸਿਆਂ ਵਿੱਚ ਅੰਗ ਗਵਾਉਣ ਦੇ ਬਾਵਜੂਦ ਸਰਕਾਰ ਵੱਲੋਂ ਦਿੱਤੀ ਜਾਂਦੀ ਸਹਾਇਤਾ ਲੈਣ ਤੋਂ ਵਾਂਝੇ ਰਹਿ ਜਾਂਦੇ ਹਨ। ਇਸੇ ਕਾਰਨ ਹੀ ਉਹਨਾਂ ਵੱਲੋਂ ਕਿਸਾਨਾਂ ਅਤੇ ਖੇਤ ਮਜ਼ਦੂਰਾਂ ਨੂੰ ਇਹ ਜਾਣਕਾਰੀ ਦਿੱਤੀ ਜਾ ਰਹੀ ਹੈ।

# ਐਸਸੀਡੀ ਸਰਕਾਰੀ ਕਾਲਜ ਲੁਧਿਆਣਾ ਦੇ ਸਾਬਕਾ ਵਿਦਿਆਰਥੀਆਂ ਨੇ ਇੱਕ ਵਰਚੁਅਲ ਮੀਟਿੰਗ ਵਿੱਚ ਸਿਸਟਮ 'ਤੇ ਤਿੱਖਾ ਹਮਲਾ ਕੀਤਾ

ਲੁਧਿਆਣਾ, 12 ਅਪੈਲ (ਜਤਿੰਦਰਪਾਲ ਸਿੰਘ ਛਾਬੜਾ): ਮਥੁਰਾ ਵਿੱਚ ਵ੍ਰਿੰਦਾਵਨ ਕਿਸ਼ਤੀ ਡੁੱਬਣ ਦੀ ਘਟਨਾ ਤੋਂ ਦੁਖੀ, ਐਸਸੀਡੀ ਸਰਕਾਰੀ ਕਾਲਜ ਲੁਧਿਆਣਾ ਦੇ ਸਾਬਕਾ ਵਿਦਿਆਰਥੀਆਂ ਨੇ ਇੱਕ ਵਰਚੁਅਲ ਮੀਟਿੰਗ ਵਿੱਚਸਿਸਟਮ 'ਤੇ ਤਿੱਖਾ ਹਮਲਾ ਕੀਤਾ। ਉਨ੍ਹਾਂ ਕਿਹਾ ਕਿ ਆਫ਼ਤ ਪ੍ਰਬੰਧਨ ਅਕਸਰ ਕਿਸੇ ਦੁਖਾਂਤ ਦੇ ਵਾਪਰਨ ਤੋਂ ਬਾਅਦ ਹੀ ਸ਼ੁਰੂ ਹੁੰਦਾ ਹੈ, ਅਤੇ ਜ਼ਿਆਦਾਤਰ ਮਾਮਲਿਆਂ ਵਿੱਚ, ਅਜਿਹੀਆਂ ਆਫ਼ਤਾਂ ਮਨੁੱਖ ਦੁਆਰਾ ਬਣਾਈਆਂ ਜਾਂਦੀਆਂ ਹਨ। ਐਲੂਮਨੀ ਮਨਜੀਤ ਸਿੰਘ ਪ੍ਰਿੰਸੀਪਲ ਪ੍ਰਿੰਸੀਪਲ ਸੇਵਾਮੁਕਤ ਕੇਂਦਰੀ ਵਿਦਿਆਲਾ ਨੇ ਕਿਹਾ ਕਿ, ਲਾਈਫ ਜੈਕਟਾਂ ਪ੍ਰਦਾਨ ਕੀਤੀਆਂ ਜਾਂਦੀਆਂ ਹਨ, ਪਰ ਉਹ ਕਿਸ਼ਤੀ ਵਿੱਚ ਅਣਵਰਤੀਆਂ ਪਈਆਂ ਰਹਿੰਦੀਆਂ ਹਨ। ਇਹ ਯਕੀਨੀ ਬਣਾਇਆ ਜਾਣਾ ਚਾਹੀਦਾ ਹੈ ਕਿ ਹਰ ਯਾਤਰੀ ਸ਼ਰਧਾਲੂਆਂ ਜਾਂ ਸੈਲਾਨੀਆਂ ਨਾਲ ਕਿਸ਼ਤੀ ਰਵਾਨਾ ਹੋਣ ਤੋਂ ਪਹਿਲਾਂ ਇੱਕ ਲਾਈਫ ਜੈਕੇਟ ਸਹੀ ਢੰਗ ਨਾਲ ਪਹਿਨੇ ਅਤੇ ਸੁਰੱਖਿਅਤ ਰੱਖੇ। ਜੀਵਨ ਬਚਾਉਣ ਵਾਲੀਆਂ ਮੋਟਰਬੋਟਾਂ ਅਤੇ ਸਿਖਲਾਈ ਪ੍ਰਾਪਤ ਸਟਾਫ ਨੂੰ ਉਨ੍ਹਾਂ ਘੰਟਿਆਂ ਦੌਰਾਨ ਨਿਰੰਤਰ ਚੌਕਸ ਰਹਿਣਾ ਚਾਹੀਦਾ ਹੈ, ਜਦੋਂ ਕਿਸ਼ਤੀਆਂ ਪਾਣੀ ਵਿੱਚ ਚੱਲ ਰਹੀਆਂ ਹੋਣ। ਜਦੋਂ ਕੋਈ ਵੀ ਲਾਈਫ ਜੈਕੇਟ ਨਹੀਂ ਪਹਿਨ ਰਿਹਾ ਸੀ ਤਾਂ ਕਿਸ਼ਤੀ ਨੂੰ ਕਿਸਨੇ ਚੱਲਣ ਦਿੱਤਾ ? ਸੰਧੂ ਨੂੰ ਪੁੱਛਿਆ ਐਲੂਮਨੀ ਗਰੁੱਪ ਦੇ ਸੰਗਠਨ ਸਕੱਤਰ ਬ੍ਰਿਜ ਭੂਸ਼ਣ ਗੋਇਲ ਨੇ ਕਿਹਾ, ਇਹ ਵਿਆਪਕ ਭ੍ਰਿਸ਼ਟਾਚਾਰ ਅਤੇ ਉਦਾਸੀਨਤਾ ਨੂੰ ਦਰਸਾਉਂਦਾ ਹੈ, ਸਬੰਧਤ ਸੈਰ-ਸਪਾਟਾ ਵਿਭਾਗ ਬੁਨਿਆਦੀ ਸੁਰੱਖਿਆ ਨਿਯਮਾਂ ਨੂੰ ਵੀ ਲਾਗੂ ਕਰਨ ਵਿੱਚ ਅਸਫਲ ਰਿਹਾ ਹੈ।

# ਵਾਈਸ ਚੇਅਰਮੈਨ ਭੁਪਿੰਦਰ ਸਿੰਘ ਭਿੰਦਾ ਨੇ ਪ੍ਰਮਾਤਮਾ ਦੇ ਸ਼ੁਕਰਾਨੇ ਵਜੋਂ ਸ੍ਰੀ ਸੁਖਮਨੀ ਸਾਹਿਬ ਪਾਠ ਦੇ ਭੋਗ ਪੁਆਏ



ਰਾਜਪੁਰਾ, 12 ਅਪ੍ਰੈਲ (ਸੰਜੀਵ ਕੁਮਾਰ/ ਰਾਜਿੰਦਰ ਸਿੰਘ ਕੰਬੋਜ) : ਇੱਥੋਂ ਨੇੜਲੇ ਪਿੰਡ ਖਾਨਪੁਰ ਗੰਡਿਆਂ (ਰੇਲੂ) ਦੇ ਗੁਰਦੁਆਰਾ ਸਾਹਿਬ ਵਿਖੇ ਬਲਾਕ ਸੰਮਤੀ ਮੈਂਬਰ ਭੁਪਿੰਦਰ ਸਿੰਘ ਭਿੰਦਾ ਵੱਲੋਂ ਪੰਚਾਇਤ ਸੰਮਤੀ ਸੰਭੂ ਕਲਾਂ ਦਾ ਵਾਈਸ ਚੇਅਰਮੈਨ ਬਣਾਏ ਜਾਣ ਦੀ ਖੁਸ਼ੀ ਦੇ ਵਿੱਚ ਪਰਮਾਤਮਾ ਦਾ ਸ਼ੁਕਰਾਨਾ ਕਰਨ ਦੇ ਲਈ ਸ੍ਰੀ ਸੁਖਮਨੀ ਸਾਹਿਬ ਪਾਠ ਦੇ ਭੋਗ ਪਾਏ ਗਏ, ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਹਲਕਾ ਘਨੌਰ ਦੇ ਵਿਧਾਇਕ ਗੁਰਲਾਲ ਸਿੰਘ ਘਨੌਰ ਨੇ ਸ਼ਿਰਕਤ ਕੀਤੀ। ਇਸ ਮੌਕੇ ਸ੍ਰੀ ਸੁਖਮਨੀ ਪਾਠ ਸਾਹਿਬ ਦੇ ਭੋਗ ਸਮਾਗਮ ਉਪਰੰਤ ਵਿਧਾਇਕ ਗੁਰਲਾਲ ਘਨੌਰ ਵੱਲੋਂ ਗੁਰੂ ਮਹਾਰਾਜ ਅੱਗੇ ਵਾਈਸ ਚੇਅਰਮੈਨ ਭੁਪਿੰਦਰ ਸਿੰਘ ਭਿੰਦਾ ਦੇ ਸੁਨਹਿਰੇ ਭਵਿੱਖ ਅਤੇ ਚੜ੍ਹਦੀ ਕਲਾ ਲਈ ਅਰਦਾਸ ਕੀਤੀ। ਉਹਨਾਂ ਨੂੰ ਪੂਰਨ ਵਿਸ਼ਵਾਸ਼ ਹੈ ਕਿ ਉਹ ਆਪਣੀ ਨਵੀਂ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ। ਉਹਨਾਂ ਵੱਲੋਂ ਭੁਪਿੰਦਰ ਸਿੰਘ ਭਿੰਦਾ ਨੂੰ ਵਧਾਈ ਦਿੰਦਿਆਂ ਕਿਹਾ ਕਿ ਹੁਣ ਬਲਾਕ ਸੰਮਤੀ ਸ਼ੰਭੂ ਕਲਾ ਅਧੀਨ ਪੈਂਦੇ 92 ਪਿੰਡਾਂ ਦੇ ਵਿਕਾਸ ਕਾਰਜ ਵਾਈਸ ਚੇਅਰਮੈਨ ਦੇ ਹਸਤਾਖਰਾਂ ਦੇ ਤਹਿਤ ਉਹਨਾਂ ਦੀ ਅਗਵਾਈ ਦੇ ਵਿੱਚ ਮੁਕੰਮਲ ਕਰਵਾਏ ਜਾਣਗੇ। ਇਸ ਮੌਕੇ ਵਿਧਾਇਕ ਗੁਰਲਾਲ ਘਨੌਰ ਵੱਲੋਂ ਵਾਈਸ ਚੇਅਰਮੈਨ ਭੁਪਿੰਦਰ ਸਿੰਘ ਭਿੰਦਾ, ਉਹਨਾਂ ਦੇ ਪਰਿਵਾਰਿਕ ਮੈਂਬਰ, ਜ਼ਿਲ੍ਹਾ ਪਰਿਸ਼ਦ ਮੈਂਬਰ ਅਤੇ ਬਲਾਕ ਸੰਮਤੀ ਮੈਂਬਰਾਂ ਦਾ ਸਿਰੋਪਾਓ ਪਾ ਕੇ ਸਨਮਾਨ ਕੀਤਾ ਗਿਆ। ਇਸ ਮੌਕੇ ਸਮਾਜ ਸੇਵੀ ਰਣਜੋਧ ਸਿੰਘ ਜੋਧਾ, ਭਾਜਪਾ ਪੰਜਾਬ ਦੇ ਮੁੱਖ ਬੁਲਾਰੇ ਜਰਨੈਲ ਸਿੰਘ ਹੈਪੀ ਕੰਬੋਜ, ਜ਼ਿਲ੍ਹਾ ਪਰਿਸ਼ਦ ਮੈਂਬਰ ਕਪਤਾਨ ਸਿੰਘ ਲੋਹਸਿੰਬਲੀ, ਬਲਾਕ ਸੰਮਤੀ ਮੈਂਬਰ ਮਨਦੀਪ ਸਿੰਘ ਪੋਲਾ, ਜਸਵਿੰਦਰ ਸਿੰਘ ਢਕਾਣਸੂ ਕਲਾਂ, ਜਰਨੈਲ ਸਿੰਘ ਜੈਲੀ ਸਰਾਲਾ ਕਲਾਂ, ਵਿਰਾਸਤ ਸੇਵਾ ਸੰਗਠਨ ਜ਼ਿਲ੍ਹਾ ਪਟਿਆਲਾ ਦੇ ਪ੍ਰਧਾਨ ਰਘਵੀਰ ਸਿੰਘ ਗੋਪਾਲਪੁਰ, ਦਵਿੰਦਰ ਸਿੰਘ ਸਰਪੰਚ ਕੁੱਥਾਖੇੜੀ, ਸਰਪੰਚ ਫਕੀਰ ਸਿੰਘ ਸਰਪੰਚ ਧਰਮਗੜ੍ਹ, ਚੰਨਾ ਸਿੰਘ ਸਰਪੰਚ ਖੈਰਪੁਰ ਸ਼ੇਖਾਂ, ਹਰਮਨਜੀਤ ਸਿੰਘ ਕੋਟਲਾ, ਮਨਿੰਦਰ ਸਿੰਘ ਮਹਿਮੂਦਪੁਰ, ਗੁਰਭੇਜ ਸਿੰਘ ਜੋਗੀਪੁਰ, ਜਸਵਿੰਦਰ ਸਿੰਘ ਮਹਿਮਾ, ਪਿੰਦਰ ਬਗੋਰਾ, ਜਸਵਿੰਦਰ ਸਿੰਘ ਮਹਿਮਾ, ਹਰਜੰਟ ਸਿੰਘ ਸਾਬਕਾ ਸਰਪੰਚ, ਨੰਬਰਦਾਰ ਪਰਮਿੰਦਰ ਸਿੰਘ, ਸੁਰਿੰਦਰ ਸਿੰਘ ਢੀਂਡਸਾ, ਸੈਕਟਰੀ ਯਾਦਵਿੰਦਰ ਸਿੰਘ, ਹਰਿੰਦਰ ਸਿੰਘ ਸਿਆਲੂ, ਦਮਨਪ੍ਰੀਤ ਸਿੰਘ ਖੇੜੀ ਮੰਡਲਾ, ਤੇਜਿੰਦਰ ਸਿੰਘ ਬੜਿੰਗ, ਜਗਜੀਤ ਸਿੰਘ ਜੱਸੀ, ਗੁਰਜੀਤ ਸਿੰਘ ਢੀਂਡਸਾ, ਏਐਫਐਸਓ ਬਿਕਰਮਜੀਤ ਸਿੰਘ ਚਹਿਲ, ਅੱਖਾਂ ਦੇ ਮਾਹਰ ਡਾਕਟਰ ਧੀਰ, ਤਹਿਸੀਲਦਾਰ ਜਸਕਰਨ ਬਰਾੜ, ਸਹਾਇਕ ਡਾਇਰੈਕਟਰ ਡਾਕਟਰ ਮਲਕੀਤ ਸਿੰਘ ਮਾਨ, ਸੁਖਦੇਵ ਸਿੰਘ ਪੰਡਤਾਂ, ਹੈਪੀ ਧਮੋਲ ਨੇ ਹਾਜ਼ਰੀ ਲਗਵਾਈ।

# ਵਿਧਾਇਕ ਅਨਮੋਲ ਗਗਨ ਮਾਨ ਦੀ ਅਗਵਾਈ ਹੇਠ ਹਲਕਾ ਖਰੜ ਦੇ ਕੋਆਰਡੀਨੇਟਰਾਂ ਅਤੇ ਬਲਾਕ ਪ੍ਰਧਾਨਾਂ ਦੀ ਮਹੱਤਵਪੂਰਨ ਮੀਟਿੰਗ



ਮੁੱਲਾਂਪੁਰ ਗਰੀਬਦਾਸ ,ਖਰੜ ,12 ਅਪ੍ਰੈਲ (ਸਰਬਜੀਤ ਸਿੰਘ) : ਮਾਨਯੋਗ ਵਿਧਾਇਕ ਅਨਮੋਲ ਗਗਨ ਮਾਨ ਦੀ ਅਗਵਾਈ ਵਿੱਚ ਅੱਜ ਆਮ ਆਦਮੀ ਪਾਰਟੀ ਦੇ ਹਲਕਾ ਕੋਆਰਡੀਨੇਟਰਾਂ, ਬਲਾਕ ਪ੍ਰਧਾਨਾਂ ਅਤੇ ਹੋਰ ਆਗੂਆਂ ਦੀ ਇੱਕ ਮਹੱਤਵਪੂਰਨ ਮੀਟਿੰਗ ਆਯੋਜਿਤ ਕੀਤੀ ਗਈ। ਇਸ ਮੀਟਿੰਗ ਵਿੱਚ ਹਲਕੇ ਦੇ ਵਿਕਾਸ ਕਾਰਜਾਂ, ਪਾਰਟੀ ਦੀ ਸੰਗਠਨਾਤਮਕ ਮਜ਼ਬੂਤੀ ਅਤੇ ਆਮ ਲੋਕਾਂ ਨਾਲ ਸੰਬੰਧਤ ਮੁੱਦਿਆਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ।ਮੀਟਿੰਗ ਦੌਰਾਨ ਵਿਧਾਇਕ ਅਨਮੋਲ ਗਗਨ ਮਾਨ ਜੀ ਨੇ ਸਾਰੇ ਹਲਕਾ ਕੋਆਰਡੀਨੇਟਰਾਂ ਅਤੇ ਬਲਾਕ ਪ੍ਰਧਾਨਾਂ ਨਾਲ ਸਿੱਧਾ ਸੰਵਾਦ ਕੀਤਾ ਅਤੇ ਪਾਰਟੀ ਦੇ ਕੰਮਕਾਜ ਨੂੰ ਹੋਰ ਮਜ਼ਬੂਤ ਬਣਾਉਣ ਲਈ ਮਹੱਤਵਪੂਰਨ ਦਿਸ਼ਾ-ਨਿਰਦੇਸ਼ ਦਿੱਤੇ। ਉਨ੍ਹਾਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦਾ ਮੁੱਖ ਉਦੇਸ਼ ਲੋਕਾਂ ਦੀ ਭਲਾਈ ਅਤੇ ਪੰਜਾਬ ਦੇ ਹਰ ਹਲਕੇ ਦਾ ਸਮੂਹਿਕ ਵਿਕਾਸ ਕਰਨਾ ਹੈ।ਵਿਧਾਇਕ ਅਨਮੋਲ ਗਗਨ ਮਾਨ ਨੇ ਸਾਰੇ ਪਾਰਟੀ ਆਗੂਆਂ ਅਤੇ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਲੋਕਾਂ ਦੇ ਵਿਚਕਾਰ ਰਹਿ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਸੁਣਨ ਅਤੇ ਉਨ੍ਹਾਂ ਦੇ ਹੱਲ ਲਈ ਪ੍ਰਸ਼ਾਸਨ ਨਾਲ ਮਿਲ ਕੇ ਕੰਮ ਕਰਨ। ਉਨ੍ਹਾਂ ਨੇ ਕਿਹਾ ਕਿ ਪਾਰਟੀ ਦੇ ਕੋਆਰਡੀਨੇਟਰ ਅਤੇ ਬਲਾਕ ਪ੍ਰਧਾਨ ਪਾਰਟੀ ਦੀ ਮਜ਼ਬੂਤੀ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ ਅਤੇ ਉਨ੍ਹਾਂ ਦੀ ਮਿਹਨਤ ਨਾਲ ਹੀ ਪਾਰਟੀ ਦੀਆਂ ਨੀਤੀਆਂ ਲੋਕਾਂ ਤੱਕ ਪਹੁੰਚ ਰਹੀਆਂ ਹਨ।ਮੀਟਿੰਗ ਦੌਰਾਨ ਪਾਰਟੀ ਦੇ ਵੱਖ-ਵੱਖ ਆਗੂਆਂ ਨੇ ਵੀ ਆਪਣੇ ਸੁਝਾਅ ਅਤੇ ਵਿਚਾਰ ਸਾਂਝੇ ਕੀਤੇ ਅਤੇ ਹਲਕੇ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਬਾਰੇ ਜਾਣਕਾਰੀ ਦਿੱਤੀ। ਸਾਰੇ ਆਗੂਆਂ ਨੇ ਇੱਕਜੁੱਟ ਹੋ ਕੇ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਬਣਾਉਣ ਅਤੇ ਲੋਕਾਂ ਦੀ ਸੇਵਾ ਕਰਨ ਦਾ ਭਰੋਸਾ ਦਿੱਤਾ।ਇਸ ਮੌਕੇ ਸੁਖਵਿੰਦਰ ਸਿੰਘ ਬਿੱਟੂ (ਚੇਅਰਮੈਨ ਮਾਰਕੀਟ ਕਮੇਟੀ ਖਰੜ), ਹਰੀਸ਼ ਰਾਣਾ (ਚੇਅਰਮੈਨ ਮਾਰਕੀਟ ਕਮੇਟੀ ਕੁਰਾਲੀ), ਨਵਦੀਪ ਸਿੰਘ, ਵਿਕਾਸ ਮੋਹਨ (ਪੀ.ਏ.), ਨਵਦੀਪ ਸਿੰਘ (ਸੰਗਠਨ ਇੰਚਾਰਜ), ਰਾਜਵੀਰ ਸਿੰਘ ਰਾਜੀ, ਬਲਜੀਤ ਸਿੰਘ (ਮੀਡੀਆ ਇੰਚਾਰਜ), ਹਰਪ੍ਰੀਤ ਕੌਰ (ਹਲਕਾ ਕੋਆਰਡੀਨੇਟਰ), ਸਰਵਜੋਤ ਕੌਰ ਅਤੇ ਹਲਕਾ ਖਰੜ ਦੇ ਅਨੇਕਾਂ ਕੋਆਰਡੀਨੇਟਰਾਂ, ਬਲਾਕ ਪ੍ਰਧਾਨਾਂ ਅਤੇ ਪਾਰਟੀ ਦੇ ਸੀਨੀਅਰ ਆਗੂਆਂ ਦੀ ਹਾਜ਼ਰੀ ਰਹੀ।

# 120 ਨਸ਼ੀਲੀਆਂ ਗੋਲ਼ੀਆਂ ਬ੍ਰਾਮਦ

ਪਟਿਆਲਾ, 12 ਅਪ੍ਰੈਲ (ਵਿਨੋਦ ਸ਼ਰਮਾ) : ਥਾਣਾ ਲਾਹੋਰੀ ਗੇਟ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀ ਵਿਸ਼ਾਲ ਵਾਸੀ ਢੇਹਾ ਬਸਤੀ ਭੀਮ ਨਗਰ ਸੈਫਾਬਾਦੀ ਗੇਟ ਵਿਰੁੱਧ ਧਾਰਾ 22, 61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਐਸ.ਆਈ. ਚੈਨਸੁੱਖ ਸਿੰਘ ਸਮੇਤ ਪੁਲਿਸ ਬੰਨ੍ਹਾ ਰੋਡ ਬਿਸ਼ਨ ਨਗਰ ਪਾਸ ਮੌਜੂਦ ਸੀ, ਜੋ ਕਥਿਤ ਦੋਸ਼ੀ ਨੂੰ ਸ਼ੱਕ ਦੇ ਅਧਾਰ ਪਰ ਰੋਕ ਕੇ ਚੈੱਕ ਕਰਨ ਪਰ ਦੋਸ਼ੀ ਪਾਸੋਂ 120 ਖੁੱਲ੍ਹੀਆਂ ਨਸ਼ੀਲੀਆਂ ਗੋਲ਼ੀਆਂ ਬ੍ਰਾਮਦ ਹੋਈਆਂ।

